- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES

- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY

- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT

FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR
APPLY NOW

HEALTH BENEFITS | Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking company/gillsontrucking www.teamgillson.com

# ਸੜਕ ਸੁਰੱਖਿਆ ਫੋਰਸ ਦਾ ਮਾਡਲ ਲਾਗੂ ਕਰਨ ਲਈ ਹੋਰ ਸੂਬਿਆਂ ਨੇ ਪੰਜਾਬ ਸਰਕਾਰ ਤੱਕ ਪਹੁੰਚ ਕੀਤੀ- ਭਗਵੰਤ ਸਿੰਘ ਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿੱਚ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ) ਦੇ ਗਠਨ ਤੋਂ ਬਾਅਦ ਸੜਕ ਸੁਰੱਖਿਆ ਵਿਵਸਥਾ ਵਿੱਚ ਵਿਆਪਕ ਸੁਧਾਰ ਦਰਜ ਕੀਤਾ ਗਿਆ ਹੈ। ਹਾਦਸੇ ਵਾਲੀਆਂ ਥਾਵਾਂ 'ਤੇ ਐਸ.ਐਸ.ਐਫ. ਦਾ ਫੌਰੀ ਪਹੁੰਚਣਾ, ਪੀੜਤਾਂ ਨੂੰ ਮੁਢਲੀ ਸਹਾਇਤਾ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਮੌਤ ਦਰ 'ਚ 48 ਫੀਸਦੀ ਕਮੀ ਆਈ ਹੈ।

ਕਿਸੇ ਸਮੇਂ ਸੜਕ ਹਾਦਸਿਆਂ ਵਿੱਚ ਹੁੰਦੀਆਂ ਮੌਤਾਂ ਲਈ ਪੰਜਾਬ ਦਾ ਨਾਮ ਦੇਸ਼ ਦੇ ਸਿਖਰਲੇ ਤਿੰਨ ਸੂਬਿਆਂ ਵਿੱਚ ਸ਼ੁਮਾਰ ਸੀ ਪਰ ਪੰਜਾਬ ਵਿੱਚ ਇਹ ਸਥਿਤੀ ਪੂਰੀ ਤਰ੍ਹਾਂ ਬਦਲ ਚੁੱਕੀ ਹੈ ਅਤੇ ਪੀੜਤਾਂ ਨੂੰ ਫੌਰੀ ਹਸਪਤਾਲ ਪਹੁੰਚਾਉਣ ਅਤੇ ਸਮੇਂ ਸਿਰ ਇਲਾਜ ਮਿਲਣ ਨਾਲ ਕੀਮਤੀ ਮਨੁੱਖੀ ਜ਼ਿੰਦਗੀਆਂ ਬਚ ਰਹੀਆਂ ਹਨ।

ਇਸ ਵਿਆਪਕ ਸੁਧਾਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੜਕ ਸੁਰੱਖਿਆ ਫੋਰਸ ਨੇ ਖੂਨੀ ਸੜਕ (ਕਿੱਲਰ ਰੋਡ) ਵਜੋਂ ਜਾਣੇ ਜਾਂਦੇ ਪਟਿਆਲਾ-ਸਰਹਿੰਦ ਰੋਡ ਵਰਗੀਆਂ ਹਾਦਸੇ ਦੇ ਖਤਰੇ ਵਾਲੀਆਂ ਥਾਵਾਂ ਨੂੰ ਜ਼ੋਖਮ ਦੀ ਸਥਿਤੀ ਤੋਂ ਬਾਹਰ ਕੱਢਣ ਵਿੱਚ ਵੱਡੀ ਭੂਮਿਕਾ ਨਿਭਾਈ। ਸੂਬਾ ਭਰ ਵਿੱਚ 43000 ਕਿਲੋਮੀਟਰ ਸੜਕਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹੋਰ ਸੂਬਿਆਂ ਨੇ ਇਸ ਮਾਡਲ ਪ੍ਰਤੀ ਦਿਲਚਸਪੀ ਜ਼ਾਹਰ ਕੀਤੀ ਹੈ ਅਤੇ ਇੱਥੋਂ ਤੱਕ ਕਿ ਪ੍ਰਧਾਨ ਮੰਤਰੀ ਨੇ ਵੀ 'ਮਨ ਕੀ ਬਾਤ' ਵਿੱਚ ਦੇਸ਼ ਲਈ ਸੜਕ ਸੁਰੱਖਿਆ ਦਾ ਜ਼ਿਕਰ ਕੀਤਾ ਹੈ।




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਵਿੱਚ ਸੜਕ ਹਾਦਸਿਆਂ ਵਿੱਚ ਮੌਤਾਂ ਦੀ ਦਰ 'ਚ 48 ਫੀਸਦੀ ਕਮੀ ਆਈ ਹੈ ਜਿਸ ਕਰਕੇ ਇਸ ਮਾਡਲ ਪ੍ਰਤੀ ਹੋਰ ਸੂਬਿਆਂ ਨੇ ਦਿਲਚਸਪੀ ਦਿਖਾਈ ਹੈ।" ਉਨ੍ਹਾਂ ਕਿਹਾ ਕਿ ਬਹੁਤ ਸਾਰੇ ਸੂਬਿਆਂ ਨੇ ਆਪੋ-ਆਪਣੇ ਸੂਬੇ ਵਿੱਚ ਜਨਤਕ ਸੁਰੱਖਿਆ ਵਾਲੇ ਇਸ ਨਿਵੇਕਲੇ ਉਪਰਾਲੇ ਨੂੰ ਲਾਗੂ ਕਰਨ ਲਈ ਪੰਜਾਬ ਸਰਕਾਰ ਨਾਲ ਸੰਪਰਕ ਕਾਇਮ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨੇ 'ਮਨ ਕੀ ਬਾਤ' ਵਿੱਚ ਸੜਕ ਸੁਰੱਖਿਆ ਬਾਰੇ ਗੱਲ ਕੀਤੀ, ਪਰ ਪੰਜਾਬ ਸੜਕ ਸੁਰਖਿਆ ਫੋਰਸ ਗਠਿਤ ਕਰ ਕੇ ਸਮੁੱਚੇ ਦੇਸ਼ ਲਈ ਚਾਨਣ ਮੁਨਾਰਾ ਬਣਿਆ।ਮੁੱਖ ਮੰਤਰੀ ਨੇ ਕਿਹਾ ਕਿ ਐਸ.ਐਸ.ਐਫ. ਦੇ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ 1,597 ਕਰਮਚਾਰੀ ਐਸ.ਐਸ.ਐਫ. ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰ ਰਹੇ ਹਨ ਅਤੇ ਇਨ੍ਹਾਂ ਨੂੰ ਨਵੀਨਤਮ ਤੇ ਪੂਰੀ ਤਰ੍ਹਾਂ ਲੈਸ 144 ਵਾਹਨ ਪ੍ਰਦਾਨ ਕੀਤੇ ਗਏ ਹਨ।

ਪਿਛਲੇ ਸਾਲ ਫਰਵਰੀ ਵਿੱਚ ਇਸ ਦੀ ਸ਼ੁਰੂਆਤ ਤੋਂ ਬਾਅਦ ਇਸ ਫੋਰਸ ਦੇ ਗਠਿਤ ਹੋਣ ਨਾਲ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੀ ਦਰ ਵਿੱਚ 48 ਫ਼ੀਸਦ ਕਮੀ ਆਈ ਹੈ। ਇਸ ਤੋਂ ਇਲਾਵਾ ਸੜਕ ਹਾਦਸਿਆਂ ਵਿੱਚ ਜ਼ਖਮੀ ਹੋਏ ਲੋਕਾਂ ਦੀਆਂ ਕੀਮਤੀ ਚੀਜ਼ਾਂ ਅਤੇ ਪੈਸੇ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਇਆ ਹੈ।

ਉਨ੍ਹਾਂ ਕਿਹਾ ਕਿ ਇਹ ਫੋਰਸ 4,200 ਕਿਲੋਮੀਟਰ ਲੰਬੇ ਹਾਈਵੇਅ 'ਤੇ ਤਾਇਨਾਤ ਕੀਤੀ ਗਈ ਹੈ ਜਿੱਥੇ ਟ੍ਰੈਫਿਕ ਹਾਦਸਿਆਂ ਦੀ ਸੰਭਾਵਨਾ ਵੱਧ ਹੁੰਦੀ ਹੈ। ਆਪਣੇ ਨਿਰਧਾਰਤ ਖੇਤਰਾਂ ਵਿੱਚ ਗਸ਼ਤ ਕਰਨ ਤੋਂ ਇਲਾਵਾ, ਐਸ.ਐਸ.ਐਫ. ਟ੍ਰੈਫਿਕ ਉਲੰਘਣਾਵਾਂ ਵਿਰੁੱਧ ਮਜ਼ਬੂਤ ਰੋਕਥਾਮ ਵਜੋਂ ਵੀ ਕੰਮ ਕਰਦਾ ਹੈ। ਪਿਛਲੀਆਂ ਕਿਸੇ ਵੀ ਸਰਕਾਰਾਂ ਨੇ ਅਜਿਹੇ ਗੰਭੀਰ ਮੁੱਦਿਆਂ ਵੱਲ ਧਿਆਨ ਨਹੀਂ ਦਿੱਤਾ, ਜਿਸ ਕਾਰਨ ਪੰਜਾਬ ਪਹਿਲਾਂ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦੇ ਮਾਮਲੇ ਵਿੱਚ ਚੋਟੀ ਦੇ ਤਿੰਨ ਰਾਜਾਂ ਵਿੱਚ ਸ਼ਾਮਲ ਸੀ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਹੁਣ ਹਾਦਸੇ ਦੇ ਪੀੜਤਾਂ ਨੂੰ ਹਸਪਤਾਲਾਂ ਵਿੱਚ ਤੁਰੰਤ ਮੁੱਢਲੀ ਸਹਾਇਤਾ ਅਤੇ ਸਹੀ ਇਲਾਜ ਮਿਲ ਰਿਹਾ ਹੈ। 'ਕਾਤਲ ਸੜਕ' ਵਜੋਂ ਜਾਣੀ ਜਾਂਦੀ ਪਟਿਆਲਾ-ਸਰਹਿੰਦ ਸੜਕ, ਜਿੱਥੇ ਔਸਤਨ ਰੋਜ਼ਾਨਾ ਤਿੰਨ ਮੌਤਾਂ ਹੁੰਦੀਆਂ ਸਨ, ਹੁਣ ਇੱਕ ਸੁਰੱਖਿਅਤ ਸੜਕ ਵਿੱਚ ਤਬਦੀਲ ਹੋ ਗਈ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪਿੰਡਾਂ ਨੂੰ ਮੁੱਖ ਕੌਮੀ ਮਾਰਗਾਂ ਨਾਲ ਜੋੜਨ ਲਈ ਪੰਜਾਬ ਭਰ ਵਿੱਚ 43,000 ਕਿਲੋਮੀਟਰ ਉੱਚ-ਗੁਣਵੱਤਾ ਵਾਲੀਆਂ ਸੜਕਾਂ ਦਾ ਨਿਰਮਾਣ ਕਰ ਰਹੀ ਹੈ।

# ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ ਗੜ੍ਹਸ਼ੰਕਰ ਦੇ ਪਿੰਡਾਂ 'ਚ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਕੀਤਾ ਗਿਆ ਜਾਗਰੂਕ

ਗੜ੍ਹਸ਼ੰਕਰ
ਸਾਂਝੀ ਸੋਚ ਬਿਊਰੋ

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ ਅੱਜ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਸਿੱਧਾ ਸੰਪਰਕ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਪਿੰਡ ਪੱਧਰ 'ਤੇ ਇਕੱਠਾਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਸਰਕਾਰ ਦੀਆਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਮੇਤ ਹੋਰਨਾਂ ਲੋਕ-ਹਿਤੈਸ਼ੀ ਨੀਤੀਆਂ ਅਤੇ ਚੱਲ ਰਹੀਆਂ ਵਿਕਾਸ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਪਿੰਡ ਵਾਸੀਆਂ ਵੱਲੋਂ ਡਿਪਟੀ ਸਪੀਕਰ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਡਿਪਟੀ ਸਪੀਕਰ ਰੋੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਸਿਹਤ, ਸਿੱਖਿਆ, ਬੁਨਿਆਦੀ ਢਾਂਚੇ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਲਏ ਗਏ ਇਤਿਹਾਸਕ ਫ਼ੈਸਲੇ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੀ ਸਮੂਹਿਕ ਤਰੱਕੀ ਅਤੇ ਲੋਕਾਂ ਦੀ ਜੀਵਨ-ਸ਼ੈਲੀ ਨੂੰ ਸੁਧਾਰਨਾ ਹੈ।ਇਸ ਮੌਕੇ ਡਿਪਟੀ ਸਪੀਕਰ ਰੋੜੀ ਨੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਗਈ 10 ਲੱਖ ਰੁਪਏ ਦੀ ਕੈਸ਼ਲੈੱਸ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਯੋਜਨਾ ਤਹਿਤ ਹਰ ਪਰਿਵਾਰ ਨੂੰ ਵੱਡੀਆਂ ਬਿਮਾਰੀਆਂ ਦੇ ਇਲਾਜ ਲਈ ਵਿੱਤੀ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਅਧੀਨ ਹੁਣ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਦੀ ਸਹੂਲਤ ਮਿਲ ਰਹੀ ਹੈ, ਜਿਸ ਨਾਲ ਹੁਣ ਕਿਸੇ ਨੂੰ ਮਹਿੰਗੇ ਇਲਾਜ ਕਾਰਨ ਕਰਜ਼ੇ ਹੇਠ ਨਹੀਂ ਆਉਣਾ ਪਵੇਗਾ। ਡਿਪਟੀ ਸਪੀਕਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਸਿਹਤ ਕਾਰਡ ਜ਼ਰੂਰ ਬਣਵਾਉਣ ਅਤੇ ਇਸ ਯੋਜਨਾ ਦਾ ਪੂਰਾ ਲਾਭ ਲੈਣ। ਉਨ੍ਹਾਂ ਦੱਸਿਆ ਕਿ ਸਿਹਤ ਕਾਰਡ ਬਣਾਉਣ ਦੀ ਪ੍ਰਕਿਰਿਆ ਬਹੁਤ ਸੌਖੀ ਹੈ ਅਤੇ ਪਿੰਡ ਪੱਧਰ 'ਤੇ ਕੈਂਪ ਲਗਾ ਕੇ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ। ਨਾਲ ਹੀ, ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੋਈ ਵੀ ਯੋਗ ਪਰਿਵਾਰ ਇਸ ਯੋਜਨਾ ਤੋਂ ਵਾਂਝਿਤ ਨਾ ਰਹਿ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣਾ ਹੀ ਲੋਕਤੰਤਰ ਦੀ ਅਸਲੀ ਤਾਕਤ ਹੈ।ਇਸ ਮੌਕੇ ਸੀਨੀਅਰ ਆਗੂ, ਬਲਾਕ ਅਤੇ ਪਿੰਡ ਪੱਧਰ ਦੇ ਵਰਕਰ, ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਸਮਾਗਮ ਦੌਰਾਨ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।



# ਵਿਜੀਲੈਂਸ ਬਿਊਰੋ ਵੱਲੋਂ 5.2 ਲੱਖ ਰੁਪਏ ਰਿਸ਼ਵਤ ਲੈਂਦਾ ਹੈੱਡ ਕਾਂਸਟੇਬਲ ਰੰਗੇ ਹੱਥੀਂ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਸੀ.ਆਈ.ਏ. ਖੰਨਾ ਵਿਖੇ ਤਾਇਨਾਤ ਹੈੱਡ ਕਾਂਸਟੇਬਲ ਰਮੇਸ਼ ਕੁਮਾਰ ਨੂੰ 5 ਲੱਖ 20 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਮਾਸਟਰ ਕਲੋਨੀ ਖੰਨਾ, ਜ਼ਿਲ੍ਹਾ ਲੁਧਿਆਣਾ ਦੇ ਇੱਕ ਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਜਾਇਦਾਦ ਦੀ ਖਰੀਦੋ-ਫਰੋਖਤ ਦੇ ਕਾਰੋਬਾਰ ਵਿੱਚ ਲੱਗਾ ਹੋਇਆ ਹੈ ਅਤੇ ਉਸਨੇ ਸ਼ਿਕਾਇਤ ਕੀਤੀ ਕਿ ਮੁਲਜ਼ਮ ਹੈੱਡ ਕਾਂਸਟੇਬਲ ਰਮੇਸ਼ ਕੁਮਾਰ ਉਸ ਨੂੰ ਮਿਲਿਆ ਅਤੇ ਉਸ 'ਤੇ ਦੋਸ਼ ਲਗਾਇਆ ਕਿ ਸ਼ਿਕਾਇਤਕਰਤਾ ਜੂਏ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੈ। ਮੁਲਜ਼ਮ ਕਾਂਸਟੇਬਲ ਨੇ ਸ਼ਿਕਾਇਤਕਰਤਾ ਨੂੰ ਦੱਸਿਆ ਕਿ ਖੰਨਾ ਦੇ ਸੀਆਈਏ ਇੰਚਾਰਜ ਨਰਪਿੰਦਰਪਾਲ ਸਿੰਘ ਨੇ ਉਸਨੂੰ ਬੁਲਾਇਆ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਹ ਅਜਿਹੀ ਕਿਸੀ ਵੀ ਗਤੀਵਿਧੀ ਵਿੱਚ ਸ਼ਾਮਲ ਨਹੀਂ ਹੈ, ਉਸਨੂੰ ਸੀਆਈਏ ਇੰਚਾਰਜ ਨਾਲ ਸੰਪਰਕ ਕਰਨ ਲਈ ਮਜਬੂਰ ਕੀਤਾ ਗਿਆ ਸੀ।



ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਦਫ਼ਤਰ ਗਿਆ ਅਤੇ ਸੀਆਈਏ ਇੰਚਾਰਜ ਨਰਪਿੰਦਰਪਾਲ ਸਿੰਘ ਨੂੰ ਮਿਲਿਆ, ਜਿਸਨੇ ਸ਼ਿਕਾਇਤਕਰਤਾ 'ਤੇ ਸੱਟੇਬਾਜ਼ੀ ਅਤੇ ਗੈਰ-ਕਾਨੂੰਨੀ ਲਾਟਰੀ ਸਬੰਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦਾ ਦੋਸ਼ ਲਗਾਇਆ ਅਤੇ ਹੈੱਡ ਕਾਂਸਟੇਬਲ ਰਮੇਸ਼ ਕੁਮਾਰ ਰਾਹੀਂ 5 ਲੱਖ ਰੁਪਏ ਦੀ ਮੰਗ ਕੀਤੀ। ਉਸਨੇ ਸ਼ਿਕਾਇਤਕਰਤਾ ਵਿਰੁੱਧ ਝੂਠਾ ਕੇਸ ਦਰਜ ਕਰਕੇ ਉਸਨੂੰ ਗ੍ਰਿਫ਼ਤਾਰ ਕਰਨ ਦੀ ਧਮਕੀ ਵੀ ਦਿੱਤੀ।ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਨੇ ਮਜਬੂਰੀ ਵਿੱਚ 2,20,000 ਰੁਪਏ ਦਾ ਪ੍ਰਬੰਧ ਕੀਤਾ ਅਤੇ ਖੰਨਾ ਵਿਖੇ ਆਪਣੇ ਜਾਣਕਾਰ ਦਿਨੇਸ਼ ਕੁਮਾਰ ਦੇ ਘਰ ਰਮੇਸ਼ ਕੁਮਾਰ ਨੂੰ ਦੇਣ ਦੀ ਕੋਸ਼ਿਸ਼ ਕੀਤੀ, ਪਰ ਪੈਸੇ ਇਹ ਕਹਿ ਕੇ ਵਾਪਸ ਕਰ ਦਿੱਤੇ ਗਏ ਕਿ 5 ਲੱਖ ਰੁਪਏ ਦੀ ਪੂਰੀ ਰਕਮ ਦਿੱਤੀ ਜਾਵੇ।ਇਸ ਤੋਂ ਬਾਅਦ ਹੈੱਡ ਕਾਂਸਟੇਬਲ ਰਮੇਸ਼ ਕੁਮਾਰ ਨਾਲ ਗੱਲਬਾਤ ਦੌਰਾਨ, ਰਿਸ਼ਵਤ ਦੀ ਰਕਮ 5 ਲੱਖ ਰੁਪਏ ਤੋਂ ਵਧਾ ਕੇ 5 ਲੱਖ 20 ਹਜ਼ਾਰ ਰੁਪਏ ਕਰ ਦਿੱਤੀ ਗਈ। ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਜਿਸ ਕਾਰਨ ਉਸਨੇ ਵਿਜੀਲੈਂਸ ਬਿਊਰੋ ਯੂਨਿਟ, ਹੁਸ਼ਿਆਰਪੁਰ ਨਾਲ ਸੰਪਰਕ ਕੀਤਾ। ਇਸ ਤੋਂ ਬਾਅਦ ਖੰਨਾ ਦੇ ਸੀਆਈਏ ਇੰਚਾਰਜ ਨਰਪਿੰਦਰਪਾਲ ਸਿੰਘ ਅਤੇ ਹੈੱਡ ਕਾਂਸਟੇਬਲ ਰਮੇਸ਼ ਕੁਮਾਰ ਵਿਰੁੱਧ ਕੇਸ ਦਰਜ ਕੀਤਾ ਗਿਆ।ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5.2 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਵਿਜੀਲੈਂਸ ਬਿਊਰੋ ਨੇ ਵੱਖ-ਵੱਖ ਟੀਮਾਂ ਬਣਾ ਕੇ ਖੰਨਾ ਦੇ ਸੀਆਈਏ ਇੰਚਾਰਜ ਨਰਪਿੰਦਰਪਾਲ ਸਿੰਘ ਨੂੰ ਜਲਦ ਗ੍ਰਿਫ਼ਤਾਰ ਕਰਨ ਲਈ ਉਸ ਦੇ ਘਰ ਅਤੇ ਹੋਰ ਥਾਵਾਂ 'ਤੇ ਛਾਪੇਮਾਰੀ ਕਰ ਰਹੀ ਹੈ।ਇਸ ਸਬੰਧੀ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਸੈਨ ਹੋਜ਼ੇ ਗੁਰਦੁਆਰਾ ਸਾਹਿਬ ਵੱਲੋਂ ਨੌਰਥ ਹਾਲ ਅਤੇ ਸਾਊਥ ਹਾਲ ਦੀ ਬਿਲਡਿੰਗ ਦੇ ਉੱਪਰਲੇ ਪੋਰਸ਼ਨ ਨੂੰ ਤਿਆਰ ਕਰਨ ਵਾਸਤੇ ਨੀਂਹ ਪੱਥਰ ਰੱਖਿਆ ਗਿਆ

ਸੈਨ ਹੋਜ਼ੇ
ਸਾਂਝੀ ਸੋਚ ਬਿਊਰੋ

ਸੈਨ ਹੋਜ਼ੇ ਗੁਰਦੁਆਰਾ ਸਾਹਿਬ ਵੱਲੋਂ ਨੌਰਥ ਹਾਲ ਅਤੇ ਸਾਊਥ ਹਾਲ ਦੀ ਬਿਲਡਿੰਗ ਦੇ ਉੱਪਰਲੇ ਪੋਰਸ਼ਨ ਨੂੰ ਤਿਆਰ ਕਰਨ ਵਾਸਤੇ ਨੀਂਹ ਪੱਥਰ ਰੱਖਿਆ ਗਿਆ। ਐਤਵਾਰ 25 ਜਨਵਰੀ 2026 ਨੂੰ ਦੁਪਹਿਰ 12 ਵਜੇ ਸਮੁੱਚੀ ਸਾਧ ਸੰਗਤ ਨੇ ਅਤੇ ਕਮੇਟੀ ਨੇ ਪੰਜਾਂ ਪਿਆਰਿਆਂ ਦੀ ਅਗਵਾਈ ਦੇ ਵਿੱਚ ਗਰਾਊਂਡ ਬਰੇਕਿੰਗ ਕੀਤੀ। ਇਸ ਮੌਕੇ ਖਾਲਸਾ ਸਕੂਲ ਦੇ ਬੱਚਿਆਂ ਨੇ ਕੀਰਤਨ ਕੀਤਾ। ਕਾਂਗਰਸਮੈਨ, ਮੇਅਰ, ਪੁਲਿਸ ਚੀਫ ਅਤੇ ਕਾਊਂਟੀ ਸੁਪਰਵਾਈਜ਼ਰ, ਸਿਟੀ ਕੌਂਸਲ ਵਗੈਰਾ ਨੇ ਆ ਕੇ ਆਪੋ ਆਪਣੇ ਵਿਚਾਰ ਪੇਸ਼ ਕੀਤੇ ਤੇ ਦੱਸਿਆ ਕਿ ਗੁਰੂ ਘਰ ਸਭ ਦਾ ਸਾਂਝਾ ਹੈ। ਅਸੀਂ ਜਦੋਂ ਛੋਟੇ ਹੁੰਦੇ ਸੀ ਉਦੋਂ ਤੋਂ ਇਸ ਗੁਰੂ ਘਰ ਨੂੰ ਦੇਖਦੇ ਆ ਰਹੇ ਆ। ਇੱਥੇ ਤੱਕ ਇੱਕ ਸਿਟੀ ਕੌਂਸਲ ਨੇ ਇਹ ਵੀ ਕਿਹਾ ਕੀ ਮੈਂ ਹਾਈ ਸਕੂਲ ਪੜਦਾ ਸੀ ਜਦੋਂ ਇਹ ਗੁਰੂ ਘਰ ਬਣਨਾ ਸ਼ੁਰੂ ਹੋਇਆ ਸੀ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭੁਪਿੰਦਰ ਸਿੰਘ ਢਿੱਲੋ ਨੇ ਦੱਸਿਆ ਕਿ ਇਹ ਬਿਲਡਿੰਗ ਤਾਂ 2018 ਜਾਂ 2019 'ਚ ਬਣਨੀ ਚਾਹੀਦੀ ਸੀ ਪਰ ਵਿਰੋਧੀਆਂ ਵੱਲੋਂ ਨਾ ਲਾਅ ਸੂਟ ਕਰਕੇ ਦੇਰੀ ਹੋਈ ਪਰ ਹੁਣ ਸੰਗਤ ਦੀ ਮਿਹਰਬਾਨੀ ਸਦਕਾ, ਪਰਮਾਤਮਾ ਦੇ ਆਸ਼ੀਰਵਾਦ ਨਾਲ ਇਹ ਸਾਰਾ ਕੁਝ ਤਿਆਰ ਹੋ ਗਿਆ ਹੈ। ਅੱਜ ਪਹਿਲੇ ਦਿਨ ਹੀ ਦੋ ਮਿਲੀਅਨ ਡਾਲਰ ਇਸ ਬਿਲਡਿੰਗ ਦੇ ਵਾਸਤੇ ਇਕੱਠਾ ਕੀਤਾ ਹੈ। ਬਾਕੀ ਪ੍ਰੋਜੈਕਟ ਤੇ ਬਹੁਤ ਪੈਸੇ ਲੱਗਣੇ ਹਬ। ਸੰਗਤ ਦਾ ਸਹਿਯੋਗ ਚਾਹੀਦਾ ਹੈ। ਸੰਗਤ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਡੋਨੇਸ਼ਨ ਦਿੱਤੀ ਜਾਵੇ ਤਾਂ ਕਿ ਇਸ ਬਿਲਡਿੰਗ ਨੂੰ ਇਹਨੂੰ ਨੇਪਰੇ ਚਾੜਿਆ ਜਾ ਸਕੇ। ਪ੍ਰਧਾਨ ਸਾਹਿਬ ਨੇ ਵਿਸ਼ਵਾਸ ਦਿਵਾਇਆ ਕਿ ਲੋਨ ਦੀ ਕੋਈ ਦਿੱਕਤ ਨਹੀਂ ਹੈ ਹਰ ਤਰੀਕੇ ਨਾਲ ਲੋਨ ਵੀ ਹੋ ਰਿਹਾ ਹੈ ਅਤੇ ਬੈਂਕਾਂ ਸਾਥ ਦੇ ਰਹੀਆਂ ਹਨ ਅਤੇ ਬਿਲਡਿੰਗ ਬਹੁਤ ਜਲਦੀ ਤਿਆਰ ਹੋ ਕੇ ਸੰਗਤ ਦੇ ਸਾਹਮਣੇ ਆਏਗੀ। ਜਿਸ ਨੂੰ ਸ਼ਨੀਵਾਰ ਨੂੰ ਤੇ ਐਤਵਾਰ ਨੂੰ ਅਲੱਗ ਅਲੱਗ ਪ੍ਰੋਗਰਾਮਾਂ ਵਾਸਤੇ ਵਰਤਿਆ ਜਾਵੇਗਾ। ਉੱਪਰਲਾ ਹਿੱਸਾ ਮਹਾਰਾਜ ਦੇ ਸਰੂਪ ਹੋਣਗੇ ਅਤੇ ਹੇਠਲੇ ਹਿੱਸੇ ਦੇ ਵਿੱਚ ਲੰਗਰ ਹਾਲ ਹੋਏਗਾ ਤਾਂ ਕਿ ਇੱਕੋ ਸਮੇਂ 'ਤੇ ਤਿੰਨ-ਤਿੰਨ ਚਾਰ-ਚਾਰ ਪ੍ਰੋਗਰਾਮ ਹੋ ਸਕਣ ਅਤੇ ਇੱਥੇ ਬੱਚਿਆਂ ਨੂੰ ਕਲਾਸਾਂ ਲਾਉਣ ਵਾਸਤੇ ਵੀ ਜਗ੍ਹਾ ਦਿੱਤੀ ਜਾਇਆ ਕਰੇਗੀ। ਇਸ ਮੌਕੇ ਸਮੁੱਚੇ ਕਮੇਟੀ ਮੈਂਬਰ ਮੌਜੂਦ ਸਨ ਅਤੇ ਸਾਰੀ ਕਮੇਟੀ ਇਸ ਕਾਰਜ ਨੂੰ ਨੇਪਰੇ ਜਾਣ ਵਾਸਤੇ ਬਹੁਤ ਉਤਸ਼ਾਹਿਤ ਸੀ। ਸੰਗਤ ਦਾ ਪੂਰਾ ਸਹਿਯੋਗ ਮਿਲ ਰਿਹਾ ਹੈ। ਵਿਰੋਧੀ ਧਿਰ ਦੇ ਚਾਰ ਕੁ ਬੰਦਿਆਂ ਨੇ ਆ ਕੇ ਵਿਰੋਧ ਕਰਨ ਦੀ ਕੋਸ਼ਿਸ਼ ਕੀਤੀ ਜਦੋਂ ਸੰਗਤ ਦਾ ਠਾਠਾਂ ਮਾਰਦਾ ਇਕੱਠ ਦੇਖਿਆ ਤੇ ਵਿਰੋਧੀ ਮੂੰਹ ਲੁਕਾਉਂਦੇ ਗੁਰਦੁਆਰਾ ਸਾਹਿਬ ਤੋਂ ਪਾਸੇ ਹੋ ਗਏ। ਕਮੇਟੀ ਵੱਲੋਂ ਉਹਨਾਂ ਨੂੰ ਵੀ ਬੇਨਤੀ ਕੀਤੀ ਗਈ ਕਿ ਸੰਗਤ ਦਾ ਹਿੱਸਾ ਬਣੋ, ਵਿਰੋਧ ਨਾ ਕਰੋ ਤੇ ਬਿਲਡਿੰਗ ਨੂੰ ਬਣਾਓ। ਸਾਰੇ ਜਾਣੇ ਸਹਿਯੋਗ ਦਿਓ ਤਾਂ ਕਿ ਇਹ ਵਧੀਆ ਬਿਲਡਿੰਗ ਬਣ ਕੇ ਸੰਗਤ ਦੀ ਵਰਤੋਂ ਵਿੱਚ ਆ ਸਕੇ। ਨਾਲ ਦੀ ਨਾਲ ਇਹ ਵੀ ਦੱਸਣਾ ਚਾਹੁੰਦੇ ਹਾਂ ਕਿ ਸੁਰਜੀਤ ਸਿੰਘ ਬੈਂਸ ਕਮੇਟੀ ਮੈਂਬਰ ਅਤੇ ਜਸਬੀਰ ਸਿੰਘ ਪਵਾਰ (ਰਾਜੂ) ਨੇ ਇਸ ਬਿਲਡਿੰਗ ਦੀ ਪ੍ਰਵਾਨਗੀ ਵਾਸਤੇ ਬਹੁਤ ਮਿਹਨਤ ਲਾ ਕੇ ਕੰਮ ਕੀਤਾ ਉਹਨਾਂ ਸਦਕਾ ਤੇ ਬਾਕੀ ਕਮੇਟੀ ਮੈਂਬਰਾਂ ਸਦਕਾ ਇਸ ਬਿਲਡਿੰਗ ਨੂੰ ਪ੍ਰਵਾਨਗੀ ਮਿਲੀ ਤੇ ਹੁਣ ਇਹ ਬਿਲਡਿੰਗ ਬਹੁਤ ਜਲਦੀ ਸ਼ੁਰੂ ਹੋ ਜਾਂਵੇਗੀ। ਸੈਨਹੋਜੇ ਗੁਰਦੁਆਰਾ ਸਾਹਿਬ ਦੇ ਨਵੇਂ ਬਣ ਰਹੇ ਦੋ ਮੰਜ਼ਿਲਾਂ ਹਾਲਾਂ ਦਾ ਨੀਂਹ ਪੱਥਰ ਰੱਖਣ ਮੌਕੇ ਉਸਾਰੀ ਲਈ ਡਾਕਟਰ ਰਾਜਬੀਰ ਸਿੰਘ ਖੰਗੂੜਾ Aborn Pet Clinic ਵੱਲੋਂ 2 ਲੱਖ ਡਾਲਰ ਦਾ ਸਹਿਯੋਗ ਦਿੱਤਾ ਗਿਆ। ਇਸੇ ਤਰਾਂ ਹੋਰ ਵੀ ਬਹੁਤ ਸਾਰੇ ਸੱਜਣਾਂ ਨੇ ਢਾਈ ਲੱਖ, ਇੱਕ ਲੱਖ, 51 ਹਜਾਰ, 20 ਹਜਾਰ ਅਤੇ ਅਲੱਗ ਅਲੱਗ ਰਾਸ਼ੀਆਂ ਦਿੱਤੀਆਂ ਅਤੇ ਪਹਿਲੇ ਹੀ ਦਿਨ ਦੋ ਮਿਲੀਅਨ ਦੇ ਕਰੀਬ ਡਾਲਰ ਇਕੱਠਾ ਹੋ ਗਿਆ। ਫਰੀਮਾਂਟ ਤੋਂ ਸਿੱਖ ਸੰਗਤ ਬੇ ਏਰੀਆ ਦੇ ਆਗੂਆਂ ਨੇ ਵੀ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ।

















# ਮੁੱਖ ਮੰਤਰੀ ਵੱਲੋਂ ਹੁਸ਼ਿਆਰਪੁਰ ਵਿੱਚ ਸਲੇਰਾਨ ਡੈਮ ਈਕੋ-ਟੂਰਿਜ਼ਮ ਪ੍ਰੋਜੈਕਟ ਦਾ ਉਦਘਾਟਨ

## 'ਆਪ' ਸਰਕਾਰ ਪੰਜਾਬ ਦੇ ਸੈਰ-ਸਪਾਟਾ ਸਥਾਨਾਂ ਨੂੰ ਵਿਕਸਤ ਕਰਕੇ ਨੌਜਵਾਨਾਂ ਨੂੰ ਦੇ ਰਹੀ ਹੈ ਰੋਜ਼ਗਾਰ

ਹੁਸ਼ਿਆਰਪੁਰ
ਸਾਂਝੀ ਸੋਚ ਬਿਊਰੋ

ਸਲੇਰਾਨ ਡੈਮ ਵਿਖੇ ਵਾਤਾਵਰਣ ਅਨੁਕੂਲ ਹੱਟਸ ਦਾ ਉਦਘਾਟਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਕਿਹਾ ਕਿ ਇਸ ਨਾਲ ਸੂਬੇ ਵਿੱਚ ਈਕੋ-ਟੂਰਿਜ਼ਮ ਅਤੇ ਰੋਜ਼ਗਾਰ ਦੇ ਮੌਕੇ ਸਿਰਜਣ ਲਈ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਨਾਲ ਹੀ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਪੰਜਾਬ ਦੇ ਸੈਰ-ਸਪਾਟਾ ਸਥਾਨਾਂ ਨੂੰ ਵਿਕਸਤ ਕਰਕੇ ਰੋਜ਼ਗਾਰ ਦੇ ਮੌਕੇ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ, ਪਟਿਆਲਾ ਅਤੇ ਚਮਰੌੜ ਝੀਲ 'ਤੇ ਫਿਲਮਾਂ ਦੀ ਸ਼ੂਟਿੰਗ ਅਤੇ ਡੈਸਟੀਨੇਸ਼ਨ ਵੈਡਿੰਗ ਨਾਲ ਵੀ ਰੋਜ਼ਗਾਰ ਦੇ ਮੌਕੇ ਵਧੇ ਹਨ। ਉਨ੍ਹਾਂ ਕਿਹਾ ਕਿ ਸਲੇਰਾਨ ਡੈਮ ਪ੍ਰੋਜੈਕਟ ਹਿਮਾਚਲ ਪ੍ਰਦੇਸ਼ ਦੇ ਸੈਰ-ਸਪਾਟਾ ਸਥਾਨਾਂ ਨੂੰ ਟੱਕਰ ਦੇਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਨੇ ਖੰਡਰਾਂ ਦਾ ਰੂਪ ਧਾਰ ਚੁੱਕੇ 52 ਰੈਸਟ ਹਾਊਸਾਂ ਨੂੰ ਮੁੜ ਸੁਰਜੀਤ ਕੀਤਾ ਹੈ, ਜਿਨ੍ਹਾਂ ਤੋਂ ਹੁਣ ਕਿਰਾਏ ਰਾਹੀਂ ਇਕ ਕਰੋੜ ਰੁਪਏ ਦਾ ਮਹੀਨਾਵਾਰ ਮਾਲੀਆ ਪੈਦਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਰਕਾਰੀ ਜਾਇਦਾਦਾਂ ਆਪਣੇ ਚਹੇਤਿਆਂ ਨੂੰ ਕੌਡੀਆਂ ਦੇ ਭਾਅ ਵੇਚੀਆਂ ਸਨ, ਜਦਕਿ ਉਨ੍ਹਾਂ ਦੀ ਸਰਕਾਰ ਨੇ ਕਾਰਵਾਈ ਕਰਦਿਆਂ ਉਹੀ ਜਾਇਦਾਦਾਂ ਨੂੰ ਵਾਪਸ ਹਾਸਲ ਕੀਤਾ।

ਸਲੇਰਾਨ ਡੈਮ ਈਕੋ-ਟੂਰਿਜ਼ਮ ਪ੍ਰੋਜੈਕਟ ਦਾ ਉਦਘਾਟਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਅਸੀਂ ਸੂਬੇ ਵਿੱਚ ਸੈਰ-ਸਪਾਟਾ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਦੇਣ ਲਈ ਸਲੇਰਾਨ ਡੈਮ ਈਕੋ-ਟੂਰਿਜ਼ਮ ਪ੍ਰੋਜੈਕਟ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਚੌਹਾਲ ਡੈਮ ਪ੍ਰੋਜੈਕਟ ਸਫ਼ਲਤਾਪੂਰਵਕ ਚੱਲ ਰਿਹਾ ਹੈ ਅਤੇ ਇਹ ਨਵੀਂ ਪਹਿਲ ਸੈਲਾਨੀਆਂ ਦੇ ਘੁੰਮਣ-ਫਿਰਨ ਲਈ ਇੱਕ ਹੋਰ ਆਕਰਸ਼ਕ ਸਥਾਨ ਉਪਲੱਬਧ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ 'ਤੇ ਲਗਭਗ 2.80 ਕਰੋੜ ਰੁਪਏ ਦੀ ਲਾਗਤ ਆਉਣ ਦਾ ਅਨੁਮਾਨ ਹੈ ਇਸ ਤੋਂ ਸਾਲਾਨਾ 18 ਲੱਖ ਰੁਪਏ ਤੋਂ ਵੱਧ ਮਾਲੀਆ ਪੈਦਾ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਦੇ ਨਾਲ-ਨਾਲ ਸਥਾਨਕ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰੇਗਾ, ਜਿਸ ਨਾਲ ਉਨ੍ਹਾਂ ਦੀ ਆਮਦਨ ਵਿੱਚ ਵੀ ਵਾਧਾ ਹੋਵੇਗਾ। ਪ੍ਰੋਜੈਕਟ ਅਧੀਨ ਪ੍ਰਦਾਨ ਕੀਤੀਆਂ ਗਈਆਂ ਸਹੂਲਤਾਂ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬੱਚਿਆਂ ਲਈ 16,000 ਵਰਗ ਫੁੱਟ ਵਿੱਚ ਫੈਲਿਆ ਵਿਸ਼ੇਸ਼ ਖੇਡ ਮੈਦਾਨ ਬਣਾਇਆ ਗਿਆ ਹੈ, ਜਿਸ ਵਿੱਚ ਵੱਖ-ਵੱਖ ਤਰ੍ਹਾਂ ਦੇ ਝੂਲੇ ਅਤੇ ਹੋਰ ਮਨੋਰੰਜਨ ਗਤੀਵਿਧੀਆਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸੈਲਾਨੀਆਂ ਦੇ ਰਹਿਣ ਲਈ ਚਾਰ ਈਕੋ ਹੱਟਸ ਅਤੇ 80 ਲੋਕਾਂ ਦੇ ਬੈਠਣ ਦੀ ਸਮਰੱਥਾ ਵਾਲਾ ਇੱਕ ਕੈਫੇਟੇਰੀਆ ਵੀ ਬਣਾਇਆ ਗਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸਲੇਰਾਨ ਡੈਮ ਦੇ ਸੁੰਦਰ ਦ੍ਰਿਸ਼ਾਂ ਦਾ ਆਨੰਦ ਲੈਣ ਲਈ ਇੱਕ ਵੱਡਾ ਐਂਫੀਥੀਏਟਰ ਵੀ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਪੰਜਾਬ ਵਿੱਚ ਈਕੋ ਟੂਰਿਜ਼ਮ ਨੂੰ ਵੱਡਾ ਹੁਲਾਰਾ ਦੇਣ ਵਿੱਚ ਬਹੁਤ ਮਹੱਤਵਪੂਰਨ ਸਾਬਤ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਵਾਤਾਵਰਣ ਸੰਵੇਦਨਸ਼ੀਲਤਾ ਅਤੇ ਜਾਗਰੂਕਤਾ ਨੂੰ ਧਿਆਨ ਵਿੱਚ ਰੱਖ ਕੇ ਵਿਕਸਤ ਕੀਤਾ ਗਿਆ ਹੈ, ਜਿਸ ਵਿੱਚ ਸੈਰ-ਸਪਾਟਾ ਅਤੇ ਮਨੋਰੰਜਕ ਗਤੀਵਿਧੀਆਂ ਲਈ ਵਾਤਾਵਰਣ-ਅਨੁਕੂਲ ਬੁਨਿਆਦੀ ਢਾਂਚਾ ਤਿਆਰ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੀ ਕੰਢੀ ਖੇਤਰਾਂ ਵਿੱਚ ਸੈਰ-ਸਪਾਟੇ ਨੂੰ ਉਤਸ਼ਾਹਿਤ



ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਰਾਂ ਵਿੱਚ ਅਥਾਹ ਸੰਭਾਵਨਾਵਾਂ ਹਨ, ਜਿਨ੍ਹਾਂ ਨੂੰ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਆਦਰਸ਼ ਸੈਰ-ਸਪਾਟਾ ਸਥਾਨਾਂ ਵਜੋਂ ਵਿਕਸਤ ਕੀਤਾ ਜਾ ਸਕਦਾ ਹੈ। ਪਿਛਲੀਆਂ ਸਰਕਰਾਂ ਦੇ ਸਮਿਆਂ ਵਿੱਚ ਇਨ੍ਹਾਂ ਖੇਤਰਾਂ ਦੀ ਅਣਦੇਖੀ 'ਤੇ ਅਫ਼ਸੋਸ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸੂਬਾ ਸਰਕਾਰਾਂ ਦੀ ਲਗਾਤਾਰ ਅਣਗਹਿਲੀ ਕਾਰਨ ਇਹ ਖੇਤਰ ਵਿਕਾਸ ਪੱਖੋਂ ਪੱਛੜੇ ਰਹੇ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਹੁਣ ਇਨ੍ਹਾਂ ਖੇਤਰਾਂ, ਜੋ ਆਪਣੀ ਕੁਦਰਤੀ ਸੁੰਦਰਤਾ ਲਈ ਜਾਣੇ ਜਾਂਦੇ ਹਨ, ਵਿਖੇ ਅਣਵਰਤੀਆਂ ਸੈਰ-ਸਪਾਟਾ ਸੰਭਾਵਨਾਵਾਂ ਨੂੰ ਵਰਤੋਂ ਵਿੱਚ ਲਿਆ ਰਹੀ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਖੇਤਰ ਨੂੰ ਵਿਕਸਤ ਕਰਨ ਲਈ ਪਹਿਲਾਂ ਹੀ ਸਖ਼ਤ ਯਤਨ ਜਾਰੀ ਹਨ ਤਾਂ ਜੋ ਸੂਬੇ ਵਿੱਚ ਸੈਰ-ਸਪਾਟੇ ਨੂੰ ਵੱਡਾ ਹੁਲਾਰਾ ਦਿੱਤਾ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਖੇਤਰ ਕੁਦਰਤੀ ਸਰੋਤਾਂ ਨਾਲ ਭਰਪੂਰ ਹੈ ਜੋ ਦੇਸ਼ ਭਰ ਅਤੇ ਵਿਦੇਸ਼ਾਂ ਤੋਂ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ, ਜੋ ਸਥਾਨਕ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਈ ਵੀ ਅਹਿਮ ਭੂਮਿਕਾ ਨਿਭਾਏਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਤੋਂ ਬਾਅਦ ਇਹ ਖੇਤਰ ਅੱਗੇ ਚੱਲ ਕੇ ਇੱਕ ਪ੍ਰਮੁੱਖ ਸੈਲਾਨੀ ਕੇਂਦਰ ਵਜੋਂ ਉਭਰੇਗਾ ਅਤੇ ਇਹ ਖੇਤਰ ਪੰਜਾਬ ਨੂੰ ਅੰਤਰਰਾਸ਼ਟਰੀ ਸੈਰ-ਸਪਾਟਾ ਨਕਸ਼ੇ 'ਤੇ ਮਜ਼ਬੂਤੀ ਨਾਲ ਕਾਬਜ਼ ਕਰਨ ਵਿੱਚ ਮਹੱਤਵਪੂਰਨ ਸਿੱਧ ਹੋਵੇਗਾ। ਸੈਰ-ਸਪਾਟਾ ਬੁਨਿਆਦੀ ਢਾਂਚੇ ਨੂੰ ਮੁੜ ਸੁਰਜੀਤ ਕਰਨ ਲਈ ਉਨ੍ਹਾਂ ਦੀ ਸਰਕਾਰ ਵੱਲੋਂ ਚੁੱਕੇ ਗਏ ਕਦਮਾਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਨੇ 75 ਛੱਡੇ ਜਾਂ ਖਾਲੀ ਪਏ ਰੈਸਟ ਹਾਊਸਾਂ ਨੂੰ ਮੁੜ ਸੁਰਜੀਤ ਕੀਤਾ ਹੈ, ਜਿਨ੍ਹਾਂ ਤੋਂ ਹੁਣ ਲਗਭਗ ਇਕ ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਲੋਕਾਂ ਨੂੰ ਲਾਭ ਪਹੁੰਚਾਉਣ ਅਤੇ ਕੁਦਰਤ ਤੇ ਐਡਵੈਂਚਰ ਪ੍ਰੇਮੀਆਂ ਨੂੰ ਆਕਰਸ਼ਿਤ ਕਰਨ ਲਈ ਅਜਿਹੇ ਹੋਰ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਦਰਿਆਵਾਂ ਦੇ ਕਿਨਾਰੇ ਰੈਸਟੋਰੈਂਟ ਵੀ ਵਿਕਸਤ ਕੀਤੇ ਜਾ ਰਹੇ ਹਨ, ਜਦੋਂ ਕਿ ਪਿਛਲੀਆਂ ਸਰਕਾਰਾਂ ਦੌਰਾਨ ਇਹ ਜਾਇਦਾਦਾਂ ਸੱਤਾ ਵਿੱਚ ਬੈਠੇ ਲੋਕਾਂ ਦੇ ਨਜ਼ਦੀਕੀਆਂ ਨੂੰ ਵੇਚ ਦਿੱਤੀਆਂ ਗਈਆਂ ਸਨ। ਮੁੱਖ ਮੰਤਰੀ ਭਗਵੰਤ ਸਿੰਘ ਨੇ ਕਿਹਾ ਕਿ ਇਸ ਕਦਮ ਦਾ ਮੁੱਖ ਉਦੇਸ਼ ਇਨ੍ਹਾਂ ਖੇਤਰਾਂ ਨੂੰ ਯੋਜਨਾਬੱਧ ਅਤੇ ਢੁਕਵੇਂ ਢੰਗ ਨਾਲ ਵਿਕਸਤ ਕਰਕੇ ਸੈਰ-ਸਪਾਟਾ ਖੇਤਰ ਨੂੰ ਮਜ਼ਬੂਤੀ ਦੇਣਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਮਹਾਨ ਕੁਰਬਾਨੀ ਨੂੰ ਦਰਸਾਉਂਦੀ ਪੰਜਾਬ ਦੀ ਝਾਕੀ, ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਪਰੇਡ ਦਾ ਹਿੱਸਾ ਹੋਵੇਗੀ। ਸਰਕਾਰ ਦੇ ਵਿਆਪਕ ਸ਼ਾਸਨ ਏਜੰਡੇ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਲ 2022 ਵਿੱਚ ਸੱਤਾ ਵਿੱਚ ਆਉਣ ਦੇ ਪਹਿਲੇ ਦਿਨ ਤੋਂ ਹੀ ਸਾਡੀ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ। ਜਿਸ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ, ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ, ਸਿੱਖਿਆ ਸੁਧਾਰ, ਟੇਲਾਂ 'ਤੇ ਪਾਣੀ, ਪਿੰਡਾਂ ਦੀਆਂ ਸੜਕਾਂ ਦਾ ਨਿਰਮਾਣ ਅਤੇ ਸੜਕ ਸੁਰੱਖਿਆ ਫੋਰਸ ਵਰਗੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਰਾਜ ਸਰਕਾਰ ਆਉਣ ਵਾਲੇ ਬਜਟ ਵਿੱਚ ਵਿਵਸਥਾ ਕਰਕੇ ਮਹਿਲਾਵਾਂ ਨੂੰ 1,000 ਰੁਪਏ ਦੇਣ ਦੇ ਆਪਣੇ ਵਾਅਦੇ ਨੂੰ ਵੀ ਪੂਰਾ ਕਰੇਗੀ। ਉਨ੍ਹਾਂ ਉਮੀਦ ਜਤਾਈ ਕਿ ਹਰ ਖੇਤਰ ਵਿੱਚ ਪੰਜਾਬ ਦੇ ਯੋਗਦਾਨ ਨੂੰ ਧਿਆਨ ਵਿੱਚ ਰੱਖਦਿਆਂ ਕੇਂਦਰ ਸਰਕਾਰ ਆਉਣ ਵਾਲੇ ਕੇਂਦਰੀ ਬਜਟ ਵਿੱਚ ਪੰਜਾਬ ਨੂੰ ਇੱਕ ਵਿਸ਼ੇਸ਼ ਪੈਕੇਜ ਦੇਵੇਗੀ, ਜਿਸਦਾ ਕਿ ਪੰਜਾਬ ਸੂਬਾ ਪੂਰੀ ਤਰ੍ਹਾਂ ਹੱਕਦਾਰ ਹੈ। ਆਰਥਿਕ ਅਤੇ ਖੇਤੀਬਾੜੀ ਪਹਿਲਕਦਮੀਆਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜਾਪਾਨੀ ਕੰਪਨੀ ਜੀਕਾ (ਜੀ.ਆਈ.ਸੀ.ਏ.) ਨਾਲ ਭਾਈਵਾਲੀ ਕੀਤੀ ਹੈ, ਜੋ ਪੰਜਾਬ ਵਿੱਚ ਬਾਗਬਾਨੀ ਨੂੰ ਹੁਲਾਰਾ ਦੇਣ ਲਈ 1,300 ਕਰੋੜ ਰੁਪਏ ਦਾ ਨਿਵੇਸ਼ ਕਰੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਦਿਆਂ ਧਰਤੀ ਹੇਠਲੇ ਕੀਮਤੀ ਪਾਣੀ ਨੂੰ ਬਚਾਉਣ ਵਿੱਚ ਮਦਦ ਮਿਲੇਗੀ। ਕਾਨੂੰਨ ਵਿਵਸਥਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਗੈਂਗਸਟਰਾਂ ਨੂੰ ਸਰਪ੍ਰਸਤੀ ਦੇਣ ਵਾਲੇ ਅੱਜ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਸਵਾਲ ਉਠਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਦੀ ਰੀੜ੍ਹ ਦੀ ਹੱਡੀ ਤੋੜਨ ਲਈ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਵਰਗੀਆਂ ਮੁਹਿੰਮਾਂ ਸ਼ੁਰੂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਸਮਾਜਿਕ ਅਲ੍ਹਾਮਤਾਂ ਨੂੰ ਜੜ੍ਹੋਂ ਖਤਮ ਕਰਕੇ ਇੱਕ ਸ਼ਾਂਤੀਪੂਰਨ, ਪ੍ਰਗਤੀਸ਼ੀਲ ਤੇ ਰੰਗਲਾ ਪੰਜਾਬ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਮੁੱਖ ਮੰਤਰੀ ਨੇ ਕਿਹਾ ਕਿ ਸਰਹੱਦ 'ਤੇ ਐਂਟੀ-ਡਰੋਨ ਤਕਨਾਲੋਜੀ ਤਾਇਨਾਤ ਕੀਤੀ ਗਈ ਹੈ, ਜਿਸ ਦੇ ਨਸ਼ਿਆਂ ਅਤੇ ਹਥਿਆਰਾਂ ਦੀ ਆਮਦ ਨੂੰ ਰੋਕਣ ਵਿੱਚ ਉਸਾਰੂ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਸਰਹੱਦ ਪਾਰੋਂ ਅੱਤਵਾਦ ਅਤੇ ਨਾਰਕੋ-ਅੱਤਵਾਦ ਨੂੰ ਪੂਰੀ ਤਰ੍ਹਾਂ ਨੱਥ ਪਾਉਣਾ ਹੈ। ਇਹ ਕਹਿੰਦਿਆਂ ਕਿ ਪੰਜਾਬ, ਦੇਸ਼ ਦਾ ਪਹਿਲਾ ਸੂਬਾ ਹੈ ਜਿਸਨੇ ਇਸ ਤਕਨਾਲੋਜੀ ਨੂੰ ਅਪਣਾਇਆ ਹੈ, ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਨਿਰੰਤਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਫੰਡਾਂ ਦੀ ਹੇਰਾਫੇਰੀ ਅਤੇ ਗਬਨ ਦੀਆਂ ਸੰਭਾਵਨਾਵਾਂ ਨੂੰ ਖ਼ਤਮ ਕਰਕੇ ਜਨਤਕ ਫੰਡਾਂ ਦੀ ਵਰਤੋਂ ਪੂਰੀ ਸੂਝ-ਬੂਝ ਨਾਲ ਲੋਕ-ਪੱਖੀ ਯੋਜਨਾਵਾਂ ਨੂੰ ਲਾਗੂ ਕਰਨ ਲਈ ਕੀਤੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡਾ ਉਦੇਸ਼ ਸੂਬੇ ਦੀ ਤਰੱਕੀ ਅਤੇ ਇਥੋਂ ਲੋਕਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਜੇ ਕੇਂਦਰ ਸਰਕਾਰ ਰੋਕੇ ਹੋਏ ਫੰਡਾਂ ਨੂੰ ਤੁਰੰਤ ਜਾਰੀ ਕਰ ਦਿੰਦੀ ਹੈ ਤਾਂ ਪੰਜਾਬ ਵਿੱਚ ਵਿਕਾਸ ਦੀ ਗਤੀ ਨੂੰ ਹੋਰ ਰਫ਼ਤਾਰ ਮਿਲੇਗੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕੈਬਨਿਟ ਮੰਤਰੀ ਬਰਿੰਦਰ ਗੋਇਲ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਗਣਤੰਤਰ ਦਿਵਸ ਮੌਕੇ ਗ੍ਰਹਿ ਮੰਤਰਾਲੇ ਵੱਲੋਂ ਪੀ.ਐਮ.ਡੀ.ਐਸ ਅਤੇ ਐਮ.ਐਮ.ਐਸ ਨਾਲ ਸਨਮਾਨਿਤ ਕੀਤੇ ਜਾਣ ਵਾਲੇ ਪੰਜਾਬ ਪੁਲਿਸ ਦੇ ਅਧਿਕਾਰੀਆਂ/ਕਰਮਚਾਰੀਆਂ ਦੇ ਨਾਵਾਂ ਦਾ ਐਲਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਨੇ 77ਵੇਂ ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ, ਪੰਜਾਬ ਪੁਲਿਸ ਦੇ ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੇ ਨਾਵਾਂ ਦਾ ਐਲਾਨ ਕੀਤਾ, ਜਿਨ੍ਹਾਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ (ਪੀਐਮਡੀਐਸ) ਅਤੇ ਬੇਮਿਸਾਲ ਸੇਵਾ ਲਈ ਮੈਡਲ (ਐਮਐਮਐਸ) ਨਾਲ ਸਨਮਾਨਿਤ ਕੀਤਾ ਜਾਵੇਗਾ। ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਇਨਵੈਸਟੀਗੇਸ਼ਨ (ਲੋਕਪਾਲ) ਪੰਜਾਬ ਵਿਭੂ ਰਾਜ, ਡਾਇਰੈਕਟਰ ਬਿਊਰੋ ਆਫ਼ ਇਨਵੈਸਟੀਗੇਸ਼ਨ (ਬੀਓਆਈ) ਪੰਜਾਬ ਐਲ.ਕੇ ਯਾਦਵ ਅਤੇ ਏਡੀਜੀਪੀ ਜੇਲ੍ਹਾਂ ਅਰੁਣ ਪਾਲ ਸਿੰਘ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਇੱਕ ਆਈਪੀਐਸ ਅਧਿਕਾਰੀ ਡੀਆਈਜੀ ਸੁਰੱਖਿਆ ਰਾਜ ਭਵਨ ਜਸਦੇਵ ਸਿੰਘ ਸਿੱਧੂ ਅਤੇ ਪੰਜ ਪੀਪੀਐਸ ਅਧਿਕਾਰੀਆਂ, ਜਿਨ੍ਹਾਂ ਵਿੱਚ ਏਆਈਜੀ ਐਸਐਸਜੀ ਰਣਦੀਪ ਸਿੰਘ ਮਾਨ, ਡੀਐਸਪੀ ਏਜੀਟੀਐਫ ਰਾਜਨ ਪਰਮਿੰਦਰ ਸਿੰਘ, ਡੀਐਸਪੀ ਵਿਜੀਲੈਂਸ ਬਿਊਰੋ ਨਵਦੀਪ ਸਿੰਘ, ਏਸੀਪੀ ਪੀਬੀਆਈ ਅੰਮ੍ਰਿਤਸਰ ਸਪਿੰਦਰ ਕੌਰ ਅਤੇ ਡੀਐਸਪੀ ਐਸਪੀਯੂ ਹਰਿੰਦਰਦੀਪ ਸਿੰਘ, ਉਨ੍ਹਾਂ 15 ਅਧਿਕਾਰੀਆਂ, ਕਰਮਚਾਰੀਆਂ ਵਿੱਚ ਸ਼ਾਮਲ ਹਨ ਜਿਨ੍ਹਾਂ ਨੂੰ ਬੇਮਿਸਾਲ ਸੇਵਾ ਲਈ ਮੈਡਲ ਵਾਸਤੇ ਚੁਣਿਆ ਗਿਆ ਹੈ। ਬਾਕੀ ਅਧਿਕਾਰੀਆਂ/ਕਰਚਾਰੀਆਂ ਵਿੱਚ ਇੰਸਪੈਕਟਰ ਸੁਖਜੀਤ ਸਿੰਘ, ਇੰਸਪੈਕਟਰ ਹਰੀਸ਼ ਕੁਮਾਰ, ਲੇਡੀ ਇੰਸਪੈਕਟਰ ਮਨਜੀਤ ਕੌਰ, ਇੰਸਪੈਕਟਰ ਤਲਵਿੰਦਰ ਸਿੰਘ, ਇੰਸਪੈਕਟਰ ਰਾਜਿੰਦਰ ਕੁਮਾਰ, ਇੰਸਪੈਕਟਰ ਪ੍ਰਿਤਪਾਲ ਸਿੰਘ, ਲੇਡੀ ਸਬ-ਇੰਸਪੈਕਟਰ ਧਰਮਜੀਤ ਕੌਰ, ਐਸਆਈ ਭੁਪਿੰਦਰ ਸਿੰਘ ਅਤੇ ਏਐਸਆਈ ਸਵਰਨਜੀਤ ਕੌਰ ਸ਼ਾਮਲ ਹਨ। ਐਵਾਰਡ ਜੇਤੂਆਂ ਨੂੰ ਵਧਾਈ ਦਿੰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਇਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਅਤੇ ਸਮੁੱਚੇ ਪੰਜਾਬ ਪੁਲਿਸ ਬਲ ਦਾ ਮਨੋਬਲ ਵਧਾਉਣ ਲਈ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀ ਮਾਨਤਾ ਪੁਲਿਸ ਬਲ ਨੂੰ ਹੋਰ ਸਮਰਪਣ ਅਤੇ ਲਗਨ ਨਾਲ ਕੰਮ ਕਰਨ ਲਈ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ, ਜੋ ਕਿ ਬਹੁਤ ਸਾਰੀਆਂ ਸੁਰੱਖਿਆ ਚੁਣੌਤੀਆਂ ਦਾ ਸਾਹਮਣੇ ਕਰਨ ਵਾਲੇ ਸਰਹੱਦੀ ਸੂਬੇ ਵਿੱਚ ਅਤਿ ਲੋੜੀਂਦੀ ਹੈ।

Space available for Ad
Contact # +1 (209) 303-1260

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ



- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

JUGDEV SAMRA (317) 379-4065

SUKHDEV SAMRA (317) 250-3545

jvslogisticsllc@outlook.com

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

**Sizes available in drive & trailer**
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!




DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

## S. Singh Cell: (510) 766-9382

2955 N. Wilson Way Stockton , CA 95205



ਬਰਜਿੰਦਰ ਕੌਰ ਬਿਸਰਾਓ
99889-01324

# ਇਮਤਿਹਾਨਾਂ ਸਮੇਂ ਮਾਪੇ ਬੱਚਿਆਂ ਦੇ ਸਹਿਯੋਗੀ ਬਣਨ

ਬੱਚਿਆਂ ਦੇ ਭਵਿੱਖ ਦੀ ਨੀਂਹ ਉਸਾਰਨ ਵਿੱਚ ਮਾਪਿਆਂ ਦੀ ਅਹਿਮ ਭੂਮਿਕਾ ਹੁੰਦੀ ਹੈ। ਮਾਪਿਆਂ ਨੂੰ ਬੱਚੇ ਦੇ ਪਹਿਲਾ ਅਧਿਆਪਕ ਵੀ ਮੰਨ ਲਿਆ ਜਾਏ ਤਾਂ ਇਸ ਵਿੱਚ ਕੋਈ ਅਤਿਕਥਨੀ ਨਹੀਂ ਹੋਵੇਗੀ ਕਿਉਂ ਕਿ ਬੱਚਾ ਆਪਣੇ ਮਾਪਿਆਂ ਤੋਂ ਕੁਦਰਤੀ ਤੌਰ ਤੇ ਤਾਂ ਬਹੁਤ ਕੁਝ ਸਿੱਖਦਾ ਹੀ ਹੈ ਪਰ ਨਾਲ਼ ਦੀ ਨਾਲ਼ ਮਾਪਿਆਂ ਦੁਆਰਾ ਦਿੱਤੀਆਂ ਸਿੱਖਿਆਵਾਂ ਅਤੇ ਉਹਨਾਂ ਦੇ ਆਚਾਰ ਵਿਹਾਰ ਤੋਂ ਵੀ ਬਹੁਤ ਕੁਝ ਸਿੱਖਦਾ ਹੈ।

ਜਦੋਂ ਬੱਚਿਆਂ ਦਾ ਸਕੂਲੀ ਦੌਰ ਸ਼ੁਰੂ ਹੁੰਦਾ ਹੈ ਤਾਂ ਉਸ ਉੱਪਰ ਆਪਣੇ ਸਾਥੀ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਪ੍ਰਭਾਵ ਪੈਣਾ ਸ਼ੁਰੂ ਹੁੰਦਾ ਹੈ। ਛੋਟੀਆਂ ਜਮਾਤਾਂ ਵਿੱਚ ਬੱਚੇ ਆਪਣੇ ਅਧਿਆਪਕ ਉੱਤੇ ਐਨਾ ਵਿਸ਼ਵਾਸ ਜਤਾਉਂਦੇ ਹਨ ਕਿ ਉਹ ਉਸ ਦੀ ਹਰ ਗੱਲ ਮਾਪਿਆਂ ਨਾਲ਼ ਸਾਂਝੀ ਕਰਦੇ ਹਨ ,ਉਸ ਸਮੇਂ ਮਾਪੇ ਬੱਚਿਆਂ ਦੀ ਹਰ ਗੱਲ ਧਿਆਨ ਨਾਲ ਸੁਣਦੇ ਵੀ ਹਨ ਤੇ ਉਸ ਦਾ ਸਕੂਲ ਵਿੱਚ ਹੋਣ ਵਾਲੇ ਛੋਟੇ ਤੋਂ ਛੋਟੇ ਕਾਰਜ ਵਿੱਚ ਜਾਂ ਐਕਟਿਵਿਟੀ ਵਿੱਚ ਦਿਲਚਸਪੀ ਦਿਖਾਉਂਦੇ ਹਨ ਤੇ ਵਧ ਚੜ੍ਹ ਕੇ ਸਾਥ ਦਿੰਦੇ ਹਨ।

ਪਰ ਜਿਵੇਂ ਜਿਵੇਂ ਬੱਚੇ ਵੱਡੀ ਹੁੰਦੇ ਜਾਂਦੇ ਹਨ ਤਾਂ ਉਹ ਆਪਣੇ ਸਾਥੀਆਂ, ਅਧਿਆਪਕਾਂ ਅਤੇ ਪੜ੍ਹਾਈ ਬਾਰੇ ਬਹੁਤੀਆਂ ਗੱਲਾਂ ਸਾਂਝੀਆਂ ਕਰਨ ਤੋਂ ਸੰਕੋਚ ਕਰਦੇ ਹਨ ਤੇ ਮਾਪਿਆਂ ਦੀ ਦਿਲਚਸਪੀ ਵੀ ਘਟ ਜਾਂਦੀ ਹੈ ਤੇ ਉਹ ਪੂਰੀ ਜ਼ਿੰਮੇਵਾਰੀ ਅਧਿਆਪਕਾਂ ਦੀ ਹੀ ਸਮਝਦੇ ਹਨ। ਜਦ ਕਿ ਅਜਿਹੇ ਮੌਕੇ ਮਾਪਿਆਂ ਨੂੰ ਆਪਣੇ ਬੱਚਿਆਂ ਅਤੇ ਉਹਨਾਂ ਦੀ ਪੜ੍ਹਾਈ ਪ੍ਰਤੀ ਜ਼ਿਆਦਾ ਸੁਚੇਤ ਹੋਣ ਦੀ ਲੋੜ ਹੁੰਦੀ ਹੈ। ਮਾਪਿਆਂ ਅਤੇ ਬੱਚਿਆਂ ਵਿੱਚ ਵੈਸੇ ਤਾਂ ਹਰ ਮੌਕੇ ਆਪਸੀ ਤਾਲਮੇਲ ਹੋਣਾ ਬਹੁਤ ਜ਼ਰੂਰੀ ਹੈ। ਮਾਪਿਆਂ ਕੋਲ ਜ਼ਿੰਦਗੀ ਦੇ ਤਜ਼ਰਬੇ ਹੋਣ ਦੇ ਨਾਲ ਨਾਲ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਯੋਜਨਾਵਾਂ ਹੁੰਦੀਆਂ ਹਨ।

ਅੱਜ ਦੀ ਭੱਜ ਦੌੜ ਦੀ ਜ਼ਿੰਦਗੀ ਵਿੱਚ ਮਾਪਿਆਂ ਕੋਲ ਬੱਚਿਆਂ ਨੂੰ ਦੇਣ ਲਈ ਪੈਸਾ,ਸੁੱਖ ਸਹੂਲਤਾਂ ਤਾਂ ਹਨ ਪਰ ਸਮਾਂ ਨਹੀਂ ਹੈ ਜਦ ਕਿ ਬੱਚੇ ਸਾਰੀਆਂ ਸੁੱਖ ਸਹੂਲਤਾਂ ਹੋਣ ਦੇ ਬਾਵਜੂਦ ਭਾਰੀ ਸਿਲੇਬਸਾਂ ਦੇ ਬੋਝ ਕਾਰਨ ਥੱਕੇ ਥੱਕੇ ਜਾਪਦੇ ਹਨ। ਇਮਤਿਹਾਨਾਂ ਦੇ ਨੇੜੇ ਆਉਂਦੇ ਹੀ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਵੱਧ ਅੰਕ ਲੈਣ ਲਈ ਪ੍ਰੇਰਿਤ ਕਰਦੇ ਕਰਦੇ ਦਬਾਅ ਬਣਾਇਆ ਜਾਣ ਲੱਗਦਾ। ਸਕੂਲ ਪ੍ਰਸ਼ਾਸਨ ਅਤੇ ਅਧਿਆਪਕਾਂ ਵੱਲੋਂ ਮਾਪਿਆਂ ਨੂੰ ਸਮੇਂ ਸਮੇਂ ਤੇ ਬੱਚਿਆਂ ਦੀ ਰਿਪੋਰਟ ਤੋਂ ਜਾਣੂ ਕਰਵਾ ਕੇ ਪਹਿਲਾਂ ਹੀ ਬੱਚੇ ਦੀ ਪੜ੍ਹਾਈ ਦੀ ਸਥਿਤੀ ਸਾਫ਼ ਕਰ ਦਿੱਤੀ ਜਾਂਦੀ ਹੈ। ਸਪਸ਼ਟ ਜਿਹੇ ਸ਼ਬਦਾਂ ਵਿੱਚ ਸਕੂਲਾਂ ਵਾਲਿਆਂ ਵੱਲੋਂ ਆਪਣਾ ਪੱਲਾ ਝਾੜ ਲਿਆ ਜਾਂਦਾ ਹੈ ਜਾਂ ਫਿਰ ਆਪਣਾ ਅੱਧਾ ਬੋਝ ਵੰਡਾ ਲਿਆ ਜਾਂਦਾ ਹੈ। ਇਮਤਿਹਾਨਾਂ ਤੋਂ ਪਹਿਲਾਂ ਅਧਿਆਪਕਾਂ ਵੱਲੋਂ ਜ਼ਿਆਦਾ ਤੇਜ਼ੀ ਨਾਲ ਸਮੇਂ ਸਮੇਂ ਤੇ ਵਾਰ ਵਾਰ ਮਾਪਿਆਂ ਨੂੰ ਬੱਚੇ ਦੀ ਕਾਰਗੁਜ਼ਾਰੀ ਬਾਰੇ ਜਾਣੂ ਕਰਵਾਇਆ ਜਾਣ ਲੱਗਦਾ ਹੈ। ਸਕੂਲ ਪ੍ਰਸ਼ਾਸਨ ਨੂੰ ਆਪਣੇ ਸਕੂਲ ਦੀ ਕਾਰਗੁਜ਼ਾਰੀ ਦਾ, ਅਧਿਆਪਕਾਂ ਨੇ ਆਪਣੀ ਮਿਹਨਤ ਦਾ ਸਿੱਟਾ ਬੱਚਿਆਂ ਵੱਲੋਂ ਪ੍ਰਾਪਤ ਕੀਤੇ ਅੰਕਾਂ ਦੇ ਅਧਾਰ ਤੇ ਹੀ ਪ੍ਰਾਪਤ ਕਰਨਾ ਹੁੰਦਾ ਹੈ। ਅਜਿਹਾ ਕਰਕੇ ਉਹ ਆਪਣੀ ਸਥਿਤੀ ਸਪਸ਼ਟ ਕਰਕੇ ਸੁਰਖ਼ਰੂ ਹੋ ਜਾਂਦੇ ਹਨ ਤਾਂ ਜੋ ਮਾਪੇ ਸਕੂਲ ਪ੍ਰਸ਼ਾਸਨ ਤੇ ਕੋਈ ਉਂਗਲ ਨਾ ਚੁੱਕ ਸਕਣ। ਇਮਤਿਹਾਨ ਨੇੜੇ ਆਉਣ ਨਾਲ ਇਹਨਾਂ ਸਾਰੀਆਂ ਗੱਲਾਂ ਦਾ ਬੱਚਿਆਂ ਉੱਤੇ ਮਾਨਸਿਕ ਤੌਰ ਤੇ ਦਬਾਅ ਬਣਦਾ ਹੈ ਜਦ ਕਿ ਇਹ ਉਹ ਸਮਾਂ ਹੁੰਦਾ ਹੈ ਜਦ ਬੱਚਿਆਂ ਨੂੰ ਮਾਨਸਿਕ ਦਬਾਅ ਹੇਠ ਆਉਣ ਤੋਂ ਬਚਾਇਆ ਜਾਵੇ।

ਅਜਿਹੇ ਸਮੇਂ ਵਿੱਚ ਮਾਪਿਆਂ ਦੀ ਭੂਮਿਕਾ ਬਹੁਤ ਅਹਿਮ ਹੁੰਦੀ ਹੈ। ਮਾਪੇ ਚਾਹੇ ਕੰਮਕਾਜੀ ਹੋਣ ਜਾਂ ਘਰੇਲੂ ਪਰ ਇਸ ਸਮੇਂ ਉਹਨਾਂ ਦੀ ਬੱਚਿਆਂ ਨੂੰ ਬਹੁਤ ਜ਼ਰੂਰਤ ਹੁੰਦੀ ਹੈ। ਬੱਚਿਆਂ ਨੂੰ ਮਾਪੇ ਇੱਕ ਗੱਲ ਤਾਂ ਤੁਰੇ ਫਿਰਦੇ ਵੀ ਆਖ ਦਿੰਦੇ ਹਨ " ਪੜ੍ਹ ਲੈ.... ਇਮਤਿਹਾਨ ਸਿਰ ਤੇ ਨੇ..... ਪੜ੍ਹ ਲਏਂਗਾ ਤਾਂ ਕੁਛ ਬਣ ਜਾਏਂਗਾ...." ਦਿਨ ਵਿੱਚ ਦੋ ਚਾਰ ਵਾਰ ਮਾਂ ਵੱਲੋਂ ਆਖ ਦੇਣਾ ਤੇ ਹਫ਼ਤੇ ਦਸ ਦਿਨ ਬਾਅਦ ਪਿਤਾ ਵੱਲੋਂ ਕਹਿਕੇ ਆਪਣੀ ਜ਼ਿੰਮੇਵਾਰੀ ਨਿਪਟਾ ਲਈ ਜਾਂਦੀ ਹੈ ਜਾਂ ਫਿਰ ਕੋਈ ਡਰਾਵਾ ਦੇ ਕੇ ਬੱਚੇ ਅੰਦਰ ਡਰ ਪੈਦਾ ਕਰ ਦਿੱਤਾ ਜਾਂਦਾ ਹੈ। ਬੱਚਾ ਸਕੂਲ ਤੋਂ ਘਰ ਫਿਰ ਘਰ ਤੋਂ ਟਿਊਸ਼ਨ ਤੇ ਟਿਊਸ਼ਨ ਤੋਂ ਘਰ ਵਾਪਸ ਪਰਤਣ ਤੱਕ ਮਾਪਿਆਂ ਦੀ ਜ਼ਿੰਮੇਵਾਰੀ ਨਿੱਬੜ ਜਾਂਦੀ ਹੈ ਜਦ ਕਿ ਜਿਹੜੀਆਂ ਗੱਲਾਂ ਵਿੱਚ ਬੱਚੇ ਨੂੰ ਮਾਪਿਆਂ ਦੀ ਲੋੜ ਹੁੰਦੀ ਹੈ ਉਹਨਾਂ ਨੂੰ ਅੱਖੋਂ ਪਰੋਖੇ ਕਰ ਦਿੱਤਾ ਜਾਂਦਾ ਹੈ।

ਇਮਤਿਹਾਨਾਂ ਦੇ ਨੇੜੇ ਆਉਂਦੇ ਹੀ ਮਾਪਿਆਂ ਨੂੰ ਬੱਚਿਆਂ ਪ੍ਰਤੀ ਸੁਹਿਰਦਤਾ ਦਾ ਰਵੱਈਆ ਅਪਣਾਉਂਦੇ ਹੋਏ ਉਸ ਨਾਲ ਹਲਕੇ ਮਾਹੌਲ ਵਿੱਚ ਗੱਲ ਬਾਤ ਕਰਨੀ ਚਾਹੀਦੀ ਹੈ। ਉਸ ਦੀਆਂ ਸਮੱਸਿਆਵਾਂ ਨੂੰ ਟੋਹਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ,ਬੱਚਾ ਪੜ੍ਹਾਈ ਪ੍ਰਤੀ ਕਿਸ ਤਰ੍ਹਾਂ ਦੀ ਮਾਨਸਿਕਤਾ ਲੈ ਕੇ ਚੱਲ ਰਿਹਾ ਹੈ ,ਉਹ ਆਪਣੇ ਭਵਿੱਖ ਪ੍ਰਤੀ ਸੰਜੀਦਾ ਹੈ ਕਿ ਨਹੀਂ ,ਜੇ ਉਸ ਦੇ ਵੱਧ ਅੰਕ ਆਂਉਂਦੇ ਹਨ ਤਾਂ ਉਹ ਕੀ ਕਰਨ ਬਾਰੇ ਸੋਚਦਾ ਹੈ ਜਾਂ ਘੱਟ ਅੰਕ ਆਉਣ ਤੇ ਉਹ ਕਿਤੇ ਨਿਰਾਸ਼ ਹੋ ਕੇ ਕੁਛ ਗ਼ਲਤ ਕਦਮ ਤਾਂ ਨਹੀਂ ਉਠਾਉਣ ਬਾਰੇ ਸੋਚ ਰਿਹਾ। ਬੱਚੇ ਦੇ ਦਿਮਾਗ਼ ਦੀ ਐਨੀ ਪੜ੍ਹਾਈ ਕਰਨੀ ਮਾਪਿਆਂ ਲਈ ਬਹੁਤ ਜ਼ਰੂਰੀ ਹੁੰਦੀ ਹੈ ।

ਇਮਤਿਹਾਨਾਂ ਸਮੇਂ ਮਾਪਿਆਂ ਵੱਲੋਂ ਆਪਣੇ ਬੱਚਿਆਂ ਪ੍ਰਤੀ ਕਦੇ ਵੀ ਤਾਨਾਸ਼ਾਹੀ ਰਵੱਈਆ ਨਹੀਂ ਅਪਣਾਇਆ ਜਾਣਾ ਚਾਹੀਦਾ। ਮਾਪਿਆਂ ਵੱਲੋਂ ਬੱਚੇ ਅੰਦਰ ਕਦੇ ਵੀ ਕਿਸੇ ਹੋਰ ਬੱਚੇ ਨਾਲੋਂ ਜ਼ਿਆਦਾ ਅੰਕ ਲੈਣ ਲਈ ਪੱਕਾ ਨਾ ਕੀਤਾ ਜਾਵੇ,ਰੱਬ ਨਾ ਕਰੇ ਜੇ ਕਿਤੇ ਉਸ ਬੱਚੇ ਨਾਲੋਂ ਅੰਕ ਘੱਟ ਆ ਜਾਣ ਤਾਂ ਇਹੋ ਜਿਹੀਆਂ ਗੱਲਾਂ ਦੇ ਘਾਤਕ ਨਤੀਜੇ ਨਿਕਲ ਸਕਦੇ ਹਨ।

ਬਾਹਰਲੇ ਮੁਲਕਾਂ ਵਿੱਚ ਪੜ੍ਹਾਈ ਦੇ ਮੁੱਦੇ ਤੇ ਬੱਚੇ, ਅਧਿਆਪਕ ਅਤੇ ਮਾਪੇ ਇਹਨਾਂ ਚਿੰਤਾਵਾਂ ਤੋਂ ਸੁਰਖ਼ਰੂ ਹੁੰਦੇ ਹਨ ਕਿਉਂ ਕਿ ਬੱਚੇ ਦੀ ਰੁਚੀ ਮੁਤਾਬਕ ਉਹਨਾਂ ਨੂੰ ਉਸੇ ਖੇਤਰ ਵਿੱਚ ਭੇਜ ਦਿੱਤਾ ਜਾਂਦਾ ਹੈ ਪਰ ਸਾਡੇ ਭਾਰਤੀ ਬੱਚਿਆਂ ਦੇ ਮਾਪੇ ਆਪਣੀ ਰੁਚੀ ਦੀ ਪੜ੍ਹਾਈ ਆਪਣੇ ਬੱਚੇ ਤੋਂ ਕਰਵਾਉਣ ਦੇ ਇਛੁੱਕ ਹੁੰਦੇ ਹਨ । ਇਹ ਵੀ ਵੇਖਣ ਵਿੱਚ ਆਇਆ ਹੈ ਕਿ ਕਈ ਮਾਪਿਆਂ ਦੀ ਆਪਣੀ ਪੜ੍ਹਾਈ ਦੀ ਇੱਛਾ ਪੂਰੀ ਨਾ ਹੋਣ ਕਰਕੇ ,ਉਹ ਆਪਣੇ ਬੱਚੇ ਤੋਂ ਆਪਣਾ ਸੁਪਨਾ ਸਾਕਾਰ ਕਰਨਾ ਚਾਹੁੰਦੇ ਹਨ ਚਾਹੇ ਬੱਚੇ ਦੀ ਉਸ ਵਿੱਚ ਕੋਈ ਰੁਚੀ ਨਾ ਹੋਵੇ।

ਮਾਪੇ ਚਾਹੇ ਦੋਵੇਂ ਮਾਤਾ ਅਤੇ ਪਿਤਾ ਕੰਮਕਾਜੀ ਹੋਣ ਜਾਂ ਘੱਟ ਪੜ੍ਹੇ ਹੋਣ ਜਾਂ ਜ਼ਿਆਦਾ ਪੜ੍ਹੇ ਹੋਣ ਉਹਨਾਂ ਨੂੰ ਹਰ ਸਮੇਂ ਆਪਣੇ ਬੱਚੇ ਦੇ ਬੌਸ ਦੀ ਭੂਮਿਕਾ ਵਿੱਚ ਨਹੀਂ ਰਹਿਣਾ ਚਾਹੀਦਾ ਸਗੋਂ ਸਿਰਫ਼ ਇੱਕ ਚੰਗੇ ਮਾਪੇ ਬਣਨਾ ਚਾਹੀਦਾ ਹੈ । ਜਦ ਬੱਚੇ ਨੂੰ ਕੋਈ ਸਮੱਸਿਆ ਆਵੇ ਤਾਂ ਉਹ ਇੱਕ ਦੋਸਤ ਵਾਂਗ ਆਪਣੇ ਮਾਪਿਆਂ ਨੂੰ ਬਿਨਾਂ ਝਿਜਕੇ ਦੱਸ ਸਕੇ। ਸਿਰਫ਼ ਨਾਮੀ ਸਕੂਲ ਵਿੱਚ ਦਾਖਲਾ ਦਿਵਾਉਣਾ, ਸਕੂਲਾਂ ਦੀਆਂ ਮੋਟੀਆਂ ਫੀਸਾਂ ਭਰਨੀਆਂ, ਵਧੀਆ ਵਰਦੀਆਂ ਖਰੀਦ ਕੇ ਦੇਣੀਆਂ ਤੇ ਮਹਿੰਗੀਆਂ ਟਿਊਸ਼ਨਾਂ ਤੇ ਭੇਜਣਾ ਹੀ ਮਾਪਿਆਂ ਦੀ ਜ਼ਿੰਮੇਵਾਰੀ ਨਹੀਂ ਹੁੰਦੀ। ਜੋ ਅਧਿਆਪਕਾਂ ਵੱਲੋਂ ਸਕੂਲ ਵਿੱਚ ਪੜ੍ਹਾਇਆ ਜਾਂਦਾ ਹੈ ਕੀ ਬੱਚਾ ਉਹ ਨਾਲ ਦੀ ਨਾਲ ਕਰ ਰਿਹਾ ਹੈ,ਉਹ ਜਮਾਤ ਟੈਸਟਾਂ ਵਿੱਚ ਕੁਝ ਕਰ ਰਿਹਾ ਹੈ ਜਾਂ ਨਹੀਂ, ਉਹ ਆਪਣਾ ਬਸਤਾ ਕਿਸ ਤਰੀਕੇ ਨਾਲ ਸੰਭਾਲਦਾ ਹੈ , ਮਾਪਿਆਂ ਨੂੰ ਜ਼ਰੂਰ ਪਤਾ ਹੋਣਾ ਚਾਹੀਦਾ ਹੈ। ਕਦੇ ਕਦੇ ਬੱਚੇ ਦੀ ਗੈਰਹਾਜ਼ਰੀ ਵਿੱਚ ਉਸ ਦੇ ਸਕੂਲ ਬੈਗ ਦੀ ਤਲਾਸ਼ੀ ਵੀ ਲੈ ਲੈਣੀ ਚਾਹੀਦੀ ਹੈ। ਇਹਨਾਂ ਨਿੱਕੀਆਂ ਨਿੱਕੀਆਂ ਗੱਲਾਂ ਤੋਂ ਉਸ ਦੀਆਂ ਰੁਚੀਆਂ ਦਾ ਪਤਾ ਲੱਗ ਜਾਂਦਾ ਹੈ। ਖ਼ਾਸ ਕਰਕੇ ਇਮਤਿਹਾਨਾਂ ਸਮੇਂ ਮਾਪਿਆਂ ਵੱਲੋਂ ਬੱਚਿਆਂ ਨੂੰ ਚੰਗਾ ਪੜ੍ਹਨ ਲਈ ਪਿਆਰ ਨਾਲ ਪ੍ਰੇਰਿਤ ਕੀਤਾ ਜਾਵੇ, ਗੱਲਾਂ ਗੱਲਾਂ ਵਿੱਚ ਉੱਘੀਆਂ ਸਖਸ਼ੀਅਤਾਂ ਦੀਆਂ ਘਾਲਣਾਵਾਂ ਰਾਹੀਂ ਉਹਨਾਂ ਅੰਦਰ ਜਗਿਆਸੂ ਬਿਰਤੀ ਵੀ ਪੈਦਾ ਕੀਤੀ ਜਾਣੀ ਚਾਹੀਦੀ ਹੈ। ਸਮੇਂ ਸਮੇਂ ਤੇ ਬੱਚਿਆਂ ਦਾ ਹੌਸਲਾ ਵਧਾਇਆ ਜਾਵੇ। ਗੱਲ ਗੱਲ ਤੇ 'ਨਲਾਇਕ' ਜਾਂ "ਤੈਨੂੰ ਕੁਛ ਨੀ ਆਉਂਦਾ" ਵਰਗੇ ਸ਼ਬਦ ਵਰਤ ਕੇ ਉਸ ਨੂੰ ਨੀਵਾਂ ਦਿਖਾਉਣ ਦੀ ਬਜਾਏ ਉਸ ਨੂੰ ਛੋਟੀ ਜਿਹੀ ਪ੍ਰਾਪਤੀ ਤੇ ਵਡਿਆ ਕੇ ਉਸ ਦਾ ਹੌਸਲਾ ਵਧਾਇਆ ਜਾਵੇ। ਮਾਪਿਆਂ ਨੂੰ ਆਪਣੇ ਬੱਚੇ ਦੀ ਦਿਲਚਸਪੀ ਜਾਂ ਦਿਮਾਗ਼ੀ ਸਮਰੱਥਾ ਮੁਤਾਬਕ ਹੀ ਉਸ ਤੋਂ ਆਸ ਰੱਖਣੀ ਚਾਹੀਦੀ ਹੈ। ਇਸ ਤਰ੍ਹਾਂ ਛੋਟੀਆਂ ਛੋਟੀਆਂ ਗੱਲਾਂ ਦਾ ਧਿਆਨ ਰੱਖਣ ਨਾਲ ਮਾਪੇ ਆਪਣੇ ਬੱਚਿਆਂ ਦਾ ਭਵਿੱਖ ਸੰਵਾਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

# ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਨ ’ਤੇ ਵਿਸ਼ੇਸ਼

ਅਮਰ ਸ਼ਹੀਦ ਬਾਬਾ ਦੀਪ ਸਿੰਘ ਦਾ ਜਨਮ 14 ਮਾਘ ਸੰਮਤ 1739 ਬਿਕਰਮੀ ਨੂੰ ਪਿੰਡ ਪਹੂਵਿੰਡ ਜ਼ਿਲ੍ਹਾ ਤਰਨਤਾਰਨ ਵਿੱਚ ਮਾਤਾ ਜਿਉਣੀ ਜੀ ਦੀ ਕੁੱਖੋਂ ਪਿਤਾ ਭਗਤਾ ਜੀ ਦੇ ਗ੍ਰਹਿ ਵਿੱਚ ਹੋਇਆ। ਉਨ੍ਹਾਂ ਦਾ ਬਚਪਨ ਦਾ ਨਾਂ ਦੀਪਾ ਸੀ।ਛੋਟੇ ਹੁੰਦਿਆਂ ਹੀ ਉਨ੍ਹਾਂ ਨੇ ਗੁਰਮੁੱਖੀ ਪੜ੍ਹੀ ਤੇ ਗੁਰਬਾਣੀ ਦਾ ਪਾਠ ਕਰਨਾ ਸਿੱਖਿਆ। ਵਾਹੀ ਵੀ ਕੀਤੀ , ਨੇਜ਼ਾ ਸੁੱਟਣ ਅਤੇ ਘੋੜ ਸਵਾਰੀ ਵੀ ਕੀਤੀ। ਸਰੀਰਕ ਤੌਰ ‘ਤੇ ਉਹ ਰਿਸ਼ਟ ਪੁਸ਼ਟ, ਚੰਗੇ ਕੱਦ ਕਾਠ ਵਾਲੇ ਅਤੇ ਪ੍ਰਭਾਵਸ਼ਾਲੀ ਸ਼ਖ਼ਸੀਅਤ ਦੇ ਮਾਲਕ ਸਨ।

ਜਦ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਖ਼ਾਲਸਾ ਪੰਥ ਸਾਜਿਆ ਤਾਂ ਇਸ ਦੀ ਚਰਚਾ ਪਿੰਡ ਪਿੰਡ ਹੋਣ ਲੱਗੀ। ਜਦ ਆਪ ਨੇ ਵੀ ਇਸ ਬਾਰੇ ਸੁਣਿਆ ਤਾਂ ਆਪ ਵੀ ਮਾਤਾ ਪਿਤਾ ਨੂੰ ਨਾਲ ਲੈ ਕੇ ਅਨੰਦਪੁਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਚਰਨਾਂ ਵਿੱਚ ਜਾ ਨਿਵਾਜੇ। ਉਨ੍ਹਾਂ ਨੇ ਵੀ ਗੁਰੂ ਜੀ ਪਾਸੋਂ ਅੰਮ੍ਰਿਤਪਾਨ ਕੀਤਾ। ਉਸ ਸਮੇਂ ਆਪ ਜੀ ਦੀ ਉਮਰ 18 ਸਾਲ ਸੀ।ਗੁਰੂ ਜੀ ਨੇ ਉਨ੍ਹਾਂ ਨੂੰ ਕੁਝ ਸਮਾਂ ਅਨੰਦਪੁਰ ਸਾਹਿਬ ਰਹਿਣ ਲਈ ਕਿਹਾ। ਉੱਥੇ ਰਹਿ ਕੇ ਆਪ ਲੰਗਰ ਦੀ ਸੇਵਾ ਦੇ ਨਾਲ ਛੋਟੇ ਬੱਚਿਆਂ ਨੂੰ ਗੁਰਬਾਣੀ ਪੜ੍ਹਾਉਣ ਤੇ ਅਰਥ ਸਮਝਾਉਣ ਦੀ ਸੇਵਾ ਕਰਦੇ ਰਹੇ। ਸਤਿਗੁਰੂ ਜੀ ਨੇ ਆਪ ਨੂੰ ਗੁਰਮੁੱਖੀ, ਅਰਬੀ, ਫਾਰਸੀ ਭਾਸ਼ਾ ਦੀ ਪੜ੍ਹਾਈ ਕਰਾਕੇ ਇੱਕ ਸੁਘੜ ਵਿਦਵਾਨ ਬਣਾ ਦਿੱਤਾ।

ਅਨੰਦਪੁਰ ਵਿਖੇ ਰਹਿੰਦੇ ਹੋਏ ਉਨ੍ਹਾਂ ਭਾਈ ਮਨੀ ਸਿੰਘ ਪਾਸੋਂ ਗੁਰਬਾਣੀ ਦਾ ਗਿਆਨ ਪ੍ਰਾਪਤ ਕੀਤਾ ਤੇ ਨਾਲ ਹੀ ਸ਼ਸਤਰ ਯੁੱਧ ਵਿੱਚ ਵੀ ਜੂਝਣ ਦੀ ਸਿੱਖਿਆ ਗ੍ਰਹਿਣ ਕੀਤੀ। ਇਸ ਤਰ੍ਹਾਂ 20-22 ਸਾਲ ਦੀ ਉਮਰ ਵਿੱਚ ਆਪ ਇੱਕ ਸੂਝਵਾਨ ਵਿਦਵਾਨ ਤੇ ਸੂਰਬੀਰ ਜੋਧੇ ਬਣ ਗਏ। ਇੱਕ ਪਾਸੇ ਪਵਿੱਤਰ ਗੁਰਬਾਣੀ ਦਾ ਗਿਆਨ ਕਰਵਾਉਂਦੇ ਗੁਰੂ ਜੀ ਦੇ ਆਦੇਸ਼ ਅਨੁਸਾਰ ਖੰਡੇ ਬਾਟੇ ਦਾ ਅੰਮ੍ਰਿਤਪਾਨ ਕਰਾਕੇ ਸਿੱਖਾਂ ਵਿੱਚ ਨਵਾਂ ਧਾਰਮਿਕ ਜੋਸ਼ ਭਰਦੇ, ਦੂਜੇ ਪਾਸੇ ਸਿੰਘ ਸੂਰਮਿਆਂ ਦੇ ਜਥੇ ਤਿਆਰ ਕਰਕੇ ਲੋੜ ਸਮੇਂ ਮੈਦਾਨੇ ਜੰਗ ਭੇਜਦੇ।

ਮੁਕਤਸਰ ਦੀ ਜੰਗ ਪਿੱਛੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕਈ ਪਿੰਡਾਂ ਤੋਂ ਹੁੰਦੇ ਹੋਏ ਸਾਬੋ ਕੀ ਤਲਵੰਡੀ ਪਹੁੰਚੇ। ਮਾਤਾ ਸੁੰਦਰੀ ਜੀ ਅਤੇ ਮਾਤਾ ਸਾਹਿਬ ਕੌਰ ਜੀ ਭਾਈ ਮਨੀ ਸਿੰਘ ਜੀ ਨਾਲ ਇਸ ਥਾਂ ਗੁਰੂ ਜੀ ਨੂੰ ਮਿਲੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਭਾਈ ਮਨੀ ਸਿੰਘ ਤੋਂ ਲਿਖਵਾਉਂਦਿਆਂ ਆਪਣੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਬਾਣੀ ਨੂੰ ਵੀ ਸ਼ਾਮਿਲ ਕਰਵਾਇਆ। ਅੰਤਮ ਰੂਪ ਦਿੰਦਿਆਂ ਬਾਬਾ ਦੀਪ ਸਿੰਘ ਜੀ ਨੇ ਵੀ ਸਹਾਇਤਾ ਕੀਤੀ, ਜਿਨ੍ਹਾਂ ਨੂੰ ਇੱਕ ਸਿੰਘ ਭਾਈ ਸ਼ੇਰ ਸਿੰਘ ਨੂੰ ਪਹੁੰਵਿੰਡ ਭੇਜ ਕੇ ਬੁਲਾਇਆ ਗਿਆ ਸੀ। ਆਪ ਕਲਮਾਂ, ਸਿਆਹੀ ਅਤੇ ਕਾਗਜ਼ ਆਦਿ ਤਿਆਰ ਕਰਦੇ ਸਨ। ਇਸ ਬੀੜ ਨੂੰ ਦਮਦਮੇ ਸਾਹਿਬ ਵਾਲੀ ਬੀੜ ਕਿਹਾ ਜਾਂਦਾ ਜੋ ਇਸ ਸਮੇਂ ਗੁਰਦੁਆਰਿਆਂ ਵਿੱਚ ਸੁਸ਼ੋਭਿਤ ਹੈ।

ਬਾਬਾ ਦੀਪ ਸਿੰਘ ਦੀ ਲਿਖਾਈ ਅਤੇ ਅੱਖਰਾਂ ਦੀ ਬਨਾਵਟ ਬਹੁਤ ਸੁੰਦਰ ਸੀ। ਗੁਰੂ ਜੀ ਨੇ ਆਪ ਨੂੰ ਚਾਰ ਹੱਥ ਲਿਖਤਾਂ ਬੀੜ ਤਿਆਰ ਕਰਨ ਲਈ ਕਿਹਾ। ਇਹ ਕੰਮ ਬਾਬਾ ਦੀਪ ਸਿੰਘ ਜੀ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ ਜੋਤ ਸਮਾਉਣ ਤੋਂ ਬਾਅਦ ਸੰਪੂਰਨ ਕੀਤਾ ਤੇ ਇਸ ਉਪਰ 1716 ਤੋਂ 1726 ਈ. ਤੱਕ ਦਾ ਸਮਾਂ ਲੱਗਾ ਤੇ ਇਨ੍ਹਾਂ ਬੀੜਾਂ ਨੂੰ ਚਾਰੇ ਤਖ਼ਤਾਂ ਨੂੰ ਭੇਜਿਆ ।

ਬਾਬਾ ਦੀਪ ਸਿੰਘ ਅਰਬੀ ਫ਼ਾਰਸੀ ਦੇ ਵੀ ਵਿਦਵਾਨ ਸਨ।ਆਪ ਜੀ ਨੇ ਲਗਾਤਾਰ ਮਿਹਨਤ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਰਬੀ ਭਾਸ਼ਾ ਵਿੱਚ ਤਰਜਮਾ ਕੀਤਾ। ਇਹ ਪਵਿੱਤਰ ਬੀੜ ਸ. ਕ੍ਰਿਪਾਲ ਸਿੰਘ ਦੇ ਕਥਨ ਅਨੁਸਾਰ ਅੱਜ ਕੱਲ੍ਹ ਬਗ਼ਦਾਦ ਯੂਨੀਵਰਸਿਟੀ ਵਿੱਚ ਸੰਭਾਲ ਕੇ ਰੱਖੀ ਹੋਈ ਹੈ।

ਜਦ ਬੰਦਾ ਸਿੰਘ ਬਹਾਦਰ 1709 ਈ. ਵਿੱਚ ਪੰਜਾਬ ਆਇਆ ਤਾਂ ਗੁਰੂ ਸਾਹਿਬ ਦੇ ਅਨੁਯਾਈਆਂ ਵਿੱਚ ਬਾਬਾ ਦੀਪ ਸਿੰਘ ਵੀ ਸਾਬੋ ਕੀ ਤਲਵੰਡੀ ਤੋਂ ਆਣ ਮਿਲੇ। ਉਨ੍ਹਾਂ ਨੇ ਵੱਖ ਵੱਖ ਇਲਾਕਿਆਂ ਨੂੰ ਜਿੱਤਣ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੀ ਮਦਦ ਕੀਤੀ। ਬਾਬਾ ਦੀਪ ਸਿੰਘ ਜੀ ਨੇ ਸਿਆਲਕੋਟ ਦੇ ਕੁਝ ਇਲਾਕੇ ‘ਤੇ ਕਬਜ਼ਾ ਲਿਆ ਜਿਹੜਾ ਮੁਹੰਮਦ ਅਮੀਨ ਖਾਂ ਕੋਲ ਸੀ ਤੇ ਫਿਰ ਆਪਣੇ ਸਾਥੀਆਂ ਦਯਾਲ ਸਿੰਘ ਤੇ ਨੱਥਾ ਸਿੰਘ ਨੂੰ ਸੌਂਪ ਦਿੱਤਾ। ਸੰਨ 1708 ਤੋਂ 1715 ਸੰਨ ਤੀਕ ਆਪ ਨੇ ਬਾਬਾ ਬੰਦਾ ਸਿੰਘ ਬਹਾਦਰ ਦਾ ਸਾਥ ਦਿੱਤਾ।

ਬਾਬਾ ਬੰਦਾ ਸਿੰਘ ਬਹਾਦਰ ਨੂੰ ਪਿੰਡ ਗੁਰਦਾਸ ਨੰਗਲ (ਨੇੜੇ ਗੁਰਦਾਸਪੁਰ) ਵਿੱਚ ਸ਼ਾਹੀ ਫੌਜਾਂ ਘੇਰ ਲਿਆ। ਉਸ ਦਾ ਸਾਥ ਆਪਣੇ ਹੀ ਕਈ ਸਾਥੀ ਛੱਡ ਗਏ। ਹਵੇਲੀ ਅੰਦਰ ਖਾਣ ਪੀਣ ਦਾ ਸਾਮਾਨ ਖ਼ਤਮ ਹੋ ਗਿਆ। ਉਸ ਨੂੰ ਸਾਥੀਆਂ ਸਮੇਤ 7 ਦਸੰਬਰ ਸੰਨ 1715 ਈ. ਨੂੰ ਗ੍ਰਿਫ਼ਤਾਰ ਕਰ ਲਿਆ ਤੇ ਦਿੱਲੀ ਲਿਜਾ ਕੇ 700 ਸਾਥੀਆਂ ਵਿੱਚ ਸ਼ਹੀਦ ਕਰ ਦਿੱਤਾ ਗਿਆ।

17 ਵੀਂ ਸਦੀ ਵਿੱਚ ਸਾਰਾ ਖ਼ਾਲਸਾ ਪੰਥ ਜੰਗਲਾਂ ਅਤੇ ਪਹਾੜਾਂ ਵਿੱਚੋਂ ਬਾਹਰ ਆ ਕੇ ਇਕੱਠਾ ਹੋ ਗਿਆ। ਖ਼ਾਲਸਾ ਪੰਥ 12 ਮਿਸਲਾਂ ਵਿੱਚ ਵੰਡਿਆ ਗਿਆ ਜਿਸ ਦੇ 12 ਮੁੱਖ ਜਥੇਦਾਰ ਥਾਪੇ ਗਏ। ਇਨ੍ਹਾਂ ਵਿੱਚੋਂ ਇੱਕ ਮਿਸਲ ਸੀ ਸ਼ਹੀਦ ਮਿਸਲ ਸੀ । ਬਾਬਾ ਦੀਪ ਸਿੰਘ ਸ਼ਹੀਦ ਮਿਸਲ ਦੇ ਮੁੱਖ ਜਥੇਦਾਰ ਥਾਪੇ ਗਏ। ਇਸ ਸਦੀ ਅੰਦਰ ਭਾਰਤ ਨੂੰ ਵਿਦੇਸ਼ੀ ਹਮਲਾਵਰਾਂ ਨੇ ਖ਼ੂਬ ਲੁਟਿਆ ਤੇ ਇੱਥੋਂ ਦੀਆਂ ਬਹੁ-ਬੇਟੀਆਂ ਦੀ ਇੱਜ਼ਤ ਦਾ ਵੀ ਖਿਲਵਾੜ ਕੀਤਾ। ਮਿਸਲਾਂ ਦੇ ਜਥੇਦਾਰਾਂ ਨੇ ਇਕੱਠੇ ਹੋ ਕੇ ਅਫ਼ਗਾਨ ਧਾੜਵੀਆਂ ਦਾ ਮੁਕਾਬਲਾ ਕਰਨਾ ਸ਼ੁਰੂ ਕਰ ਦਿੱਤਾ ਤੇ ਭਾਰਤ ਦਾ ਲੁਟਿਆ ਬਹੁਤ ਕੀਮਤੀ ਸਾਮਾਨ ਵਾਪਿਸ ਦਿਵਾਇਆ ਜਾਂਦਾ ਰਿਹਾ।

5 ਫਰਵਰੀ ਸੰਨ 1762 ਈ. ਨੂੰ ਕੁੱਪ ਰਹੀੜੇ ਦੇ ਅਸਥਾਨ ‘ਤੇ ਹੋਏ ਵੱਡੇ ਘੱਲੂਘਾਰੇ ਤੋਂ ਬਾਅਦ ਅਹਿਮਦ ਸ਼ਾਹ ਦੁਰਾਨੀ ਜਦ ਮੁੜਦਿਆਂ ਵਾਪਸ ਲਾਹੌਰ ਵੱਲ ਆਇਆ ਤਾਂ ਰਸਤੇ ਵਿੱਚ ਸਿੰਘਾਂ ਉੱਪਰ ਖਿਝੇ ਹੋਏ ਨੇ ਸਿੰਘਾਂ ਦਾ ਬੀਜ ਨਾਸ ਕਰਨ ਲਈ ਸ੍ਰੀ ਅੰਮ੍ਰਿਤਸਰ ਦਾ ਤਾਲ ਮਿੱਟੀ ਨਾਲ ਭਰਵਾ ਦਿੱਤਾ ਤੇ 10 ਅਪ੍ਰੈਲ ਸੰਨ 1762 ਈ. ਮੁ. 1819 ਬਿਕਰਮੀ ਨੂੰ ਨੀਹਾਂ ਹੇਠ ਬਾਰੂਦ ਦੇ ਕੁੱਪੇ ਰੱਖਵਾ ਕੇ ਸ੍ਰੀ ਹਰਿਮੰਦਰ ਸਾਹਿਬ ਦੀ ਇਮਾਰਤ ਨੂੰ ਉਡਾ ਦਿੱਤਾ।

ਇਸ ਹਮਲੇ ਸਮੇਂ ਅੰਮ੍ਰਿਤਸਰ ਸ਼ਹਿਰ ਦੇ ਇਨਚਾਰਜ ਜਮਾਲ ਖਾਨ ਦੁਆਰਾ ਸ੍ਰੀ ਦਰਬਾਰ ਸਾਹਿਬ ਜੀ ਦੀ ਬੇਅਦਬੀ ਕਰਨ, ਪਵਿੱਤਰ ਸਰੋਵਰ ਨੂੰ ਪੂਰ ਦੇਣ ਦੀ ਖ਼ਬਰ ਜਦੋਂ ਬਾਬਾ ਦੀਪ ਸਿੰਘ ਜੀ ਨੂੰ ਸਾਬੋ ਕੀ ਤਲਵੰਡੀ ਦੇ ਅਸਥਾਨ ’ਤੇ ਪੁੱਜੀ ਤਾਂ ਆਪ ਦੇ ਦਿਲ ’ਤੇ ਅਸਹਿ ਸੱਟ ਵੱਜੀ। ਆਪ ਜੀ ਨੇ ਸ੍ਰੀ ਦਰਬਾਰ ਸਾਹਿਬ ਜੀ ਦੀ ਪਵਿੱਤ੍ਰਤਾ ਭੰਗ ਕਰਨ ਵਾਲਿਆਂ ਨਾਲ ਟੱਕਰ ਲੈਣ ਦਾ ਫੈਸਲਾ ਕਰ ਲਿਆ। ਆਸ-ਪਾਸ ਦੇ ਨਗਰਾਂ ਤੇ ਟਿਕਾਣਿਆਂ ’ਤੇ ਇਤਲਾਹ ਦਿੱਤੀ ਗਈ। ਵੱਖ-ਵੱਖ ਨਗਰਾਂ ਤੋਂ ਅਣਗਿਣਤ ਸਿੰਘ ਬਾਬਾ ਜੀ ਦੀ ਅਗਵਾਈ ਵਿੱਚ ਪਾਵਨ ਧਰਮ ਅਸਥਾਨ ਦੀ ਰੱਖਿਆ ਲਈ ਹਾਜ਼ਰ ਹੋਏ। ਇਸ ਤਰ੍ਹਾਂ ਦਲ ਖਾਲਸਾ ਦੀ ਗਿਣਤੀ ਅਣਗਿਣਤ ਹੋ ਗਈ। ਬਿਆਸ ਦਰਿਆ ਪਾਰ ਕਰਕੇ ਸਿੰਘਾਂ ਦਾ ਜੱਥਾ ਮਾਝੇ ਦੇ ਇਲਾਕੇ ਅੰਦਰ ਦਾਖਲ ਹੋਇਆ। ਤਰਨਤਾਰਨ ਸਾਹਿਬ ਦੇ ਪਾਵਨ ਅਸਥਾਨ ਵਿਖੇ ਪਹੁੰਚ ਕੇ ਸਿੰਘਾਂ ਦੇ ਸਾਰੇ ਸਮੂਹ ਨੇ ਅਰਦਾਸ ਕੀਤੀ। । ਇਸ ਸ਼ਹਿਰ ਤੋਂ ਬਾਹਰ ਆ ਕੇ ਬਾਬਾ ਦੀਪ ਸਿੰਘ ਜੀ ਨੇ ਇੱਕ ਲਕੀਰ ਖਿੱਚੀ ਅਤੇ ਕਿਹਾ ਕਿ ਜੋ ਸ਼ਹੀਦੀ ਪਾਉਣ ਲਈ ਤਿਆਰ ਹੈ, ਉਹ ਇਸ ਲਕੀਰ ਨੂੰ ਪਾਰ ਕਰੇ, ਜਿਹੜਾ ਸ਼ਹੀਦ ਨਹੀਂ ਹੋਣਾ ਚਾਹੁੰਦਾ ਉਹ ਵਾਪਸ ਚਲਿਆ ਜਾਵੇ। ਸਾਰੇ ਸਿੰਘ ਜੈਕਾਰੇ ਗਜਾਉਂਦੇ ਹੋਏ ਲਕੀਰ ਪਾਰ ਕਰਕੇ ਅੰਮ੍ਰਿਤਸਰ ਵੱਲ ਵਧਣ ਲੱਗੇ।

ਤਰਨ ਤਾਰਨ ਤੋਂ 10 ਕਿਲੋਮੀਟਰ ਦੀ ਦੂਰੀ ’ਤੇ ਸਥਿਤ ਗੋਹਲਵੜ ਪਿੰਡ ਕੋਲ ਜਾ ਕੇ ਬਾਬਾ ਜੀ ਨੇ ਆਪਣੇ ਸਿੰਘਾਂ ਦੇ ਜਥੇ ਨਾਲ ਦੁਸ਼ਮਣ ਦੀ ਫ਼ੌਜ ਨੂੰ ਲੜਾਈ ਲਈ ਲਲਕਾਰਿਆ। ਇਸ ਜਗ੍ਹਾ ਗੁਰਦੁਆਰਾ ਲਲਕਾਰ ਸਾਹਿਬ ਬਣਿਆ ਹੋਇਆ ਹੈ। ਗੋਹਲਵੜ ਵਿੱਚ ਬਾਬਾ ਜੀ ਦਾ ਸਾਹਮਣਾ ਜਮਾਲ ਖ਼ਾਨ ਨਾਲ ਹੋਇਆ। ਬਾਬਾ ਦੀਪ ਸਿੰਘ ਜੀ ਦੋ-ਧਾਰਾ ਖੰਡਾ ਖੜਕਾਉਂਦੇ ਵੈਰੀਆਂ ਨੂੰ ਸਦਾ ਦੀ ਨੀਂਦ ਸੁਆਉਂਦੇ ਹੋਏ ਅੱਗੇ ਵਧਦੇ ਜਾ ਰਹੇ ਸਨ। ਜਮਾਲ ਖਾਨ ਅੱਗੇ ਵਧਿਆ ਤੇ ਬਾਬਾ ਜੀ ’ਤੇ ਵਾਰ ਕਰਨ ਲੱਗਾ। ਅੱਗੋਂ ਬਾਬਾ ਜੀ ਨੇ ਵੀ ਵਾਰ ਕੀਤਾ। ਇਸ ਸਾਂਝੇ ਵਾਰ ਵਿੱਚ ਬਾਬਾ ਜੀ ਨੇ ਉਸ ਮੁਗ਼ਲ ਕਮਾਂਡਰ ਨੂੰ ਤਾਂ ਥਾਂ ’ਤੇ ਹੀ ਖ਼ਤਮ ਕਰ ਦਿੱਤਾ ਪਰ ਨਾਲ ਹੀ ਇਨ੍ਹਾਂ ਦੀ ਧੌਣ ਉੱਤੇ ਇੱਕ ਘਾਤਕ ਘਾਉ ਲੱਗਾ, ਜਿਸ ਨਾਲ ਬਾਬਾ ਜੀ ਦਾ ਸੀਸ ਧੜ ਤੋਂ ਅਲੱਗ ਹੋ ਗਿਆ। ਇੱਕ ਸਿੰਘ ਨੇ ਹੱਥ ਜੋੜਕੇ ਬਾਬਾ ਜੀ ਨੂੰ ਆਪਣਾ ਪ੍ਰਣ ਯਾਦ ਫੇਰ ਕੀ ਸੀ ਬਚਨ ਕੇ ਬਲੀ ਸੂਰਬੀਰ ਯੋਧੇ ਬਾਬਾ ਜੀ ਦਾ ਧੜ ਹਰਕਤ ਵਿੱਚ ਆ ਗਿਆ ਤੇ ਓਹਨਾ ਆਪਣਾ ਪਾਵਨ ਸੀਸ਼ ਖੱਬੇ ਹੱਥ ਤੇ ਧਰ ਕੇ ਆਪਣਾ ਸਵਾ ਮਣ ਦਾ ਖੰਡਾ ਵਾਹੁੰਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾਂ ਤਕ ਜਾ ਪਹੁੰਚੇ। ਇਥੋਂ ਤਕ ਅੱਪੜਦਿਆਂ ਬਾਬਾ ਜੀ ਨੇ ਕਈ ਪਠਾਣ ਤੇ ਅਫ਼ਗਾਨ ਮਾਰ ਮੁਕਾਏ ਸਨ। ਇਸ ਤਰ੍ਹਾਂ ਇਸ ਘਮਸਾਨ ਦੀ ਜੰਗ ਅੰਦਰ ਅਫ਼ਗਾਨ ਜਰਨੈਲਾਂ ਦੇ ਮਾਰੇ ਜਾਣ ਨਾਲ ਅਫ਼ਗਾਨੀ ਫੌਜ ਦੇ ਹੌਸਲੇ ਟੁੱਟ ਗਏ ਤੇ ਬਾਬਾ ਦੀਪ ਸਿੰਘ ਜੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾਂ ਅੰਦਰ ਪਹੁੰਚ ਕੇ ਸ਼ਹੀਦੀ ਪ੍ਰਾਪਤ ਕਰ ਗਏ।

ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿੱਚ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਨੇੜੇ ਇੱਕ ਥੜ੍ਹੇ ਉੱਪਰ ਨਿਸ਼ਾਨ ਸਾਹਿਬ ਝੁਲਾਇਆ ਹੋਇਆ ਹੈ। ਉਸ ਥੜ੍ਹੇ ਉੱਪਰ ਕੁਝ ਸਿੰਘਾਂ ਦੇ ਨਾਮ ਹੇਠ ਲਿਖੇ ਅਨੁਸਾਰ ਲਿਖੇ ਹੋਏ ਹਨ:

1. ਬਾਬਾ ਦੀਪ ਸਿੰਘ ਜੀ ਸ਼ਹੀਦ ਹੈਂਡ ਜਥੇਦਾਰ
2. ਬਾਬਾ ਬਲਵੰਤ ਸਿੰਘ ਜੀ ਸ਼ਹੀਦ ਜਥੇਦਾਰ
3. ਬਾਬਾ ਹੀਰਾ ਸਿੰਘ ਜੀ ਸ਼ਹੀਦ ਜਥੇਦਾਰ
4. ਬਾਬਾ ਗੰਡਾ ਸਿੰਘ ਜੀ ਸ਼ਹੀਦ ਜਥੇਦਾਰ
5. ਬਾਬਾ ਲਹਿਣਾ ਸਿੰਘ ਜੀ ਸ਼ਹੀਦ ਜਥੇਦਾਰ
6. ਬਾਬਾ ਰਣ ਸਿੰਘ ਜੀ ਸ਼ਹੀਦ ਜਥੇਦਾਰ
7. ਬਾਬਾ ਗੁਪਾਲ ਸਿੰਘ ਜੀ ਸ਼ਹੀਦ ਜਥੇਦਾਰ
8. ਬਾਬਾ ਭਾਗ ਸਿੰਘ ਜੀ ਸ਼ਹੀਦ ਜਥੇਦਾਰ
9. ਬਾਬਾ ਸੱਜਣ ਸਿੰਘ ਜੀ ਸ਼ਹੀਦ ਜਥੇਦਾਰ
10. ਬਾਬਾ ਬਹਾਦਰ ਸਿੰਘ ਜੀ ਸ਼ਹੀਦ ਜਥੇਦਾਰ

ਇਸ ਤਰ੍ਹਾਂ ਬਾਬਾ ਦੀਪ ਸਿੰਘ ਜੀ ਅਤੇ ਉਨ੍ਹਾਂ ਦੇ ਸਾਥੀ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਦਾ ਜ਼ਾਲਮਾਂ ਤੋਂ ਬਦਲਾ ਲੈਂਦੇ ਹੋਏ ਅਤੇ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰ ਗਏ।

ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਅਸਥਾਨ ਗੁਰਦੁਆਰਾ ਰਾਮਸਰ ਸਾਹਿਬ ਦੇ ਨੇੜੇ ਹੈ, ਜਿੱਥੇ ਅੱਜਕਲ੍ਹ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀਂ ਸੁਸ਼ੋਭਿਤ ਹੈ। ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾਂ ਵਿੱਚ ਜਿੱਥੇ ਬਾਬਾ ਜੀ ਨੇ ਸੀਸ ਭੇਟ ਕੀਤਾ ਸੀ, ਉਥੇ ਵੀ ਪਾਵਨ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ। ਬਾਬਾ ਦੀਪ ਸਿੰਘ ਜੀ ਦਾ ਉਹ ਦੋ-ਧਾਰਾ ਖੰਡਾ ਸ੍ਰੀ ਅਕਾਲ ਤਖਤ ਸਾਹਿਬ ਦੇ ਸ਼ਸਤਰਾਂ ਵਿੱਚ ਸੰਭਾਲ ਕੇ ਰੱਖਿਆ ਗਿਆ, ਜਿਸ ਦੇ ਹਰ ਰੋਜ਼ ਸ਼ਾਮ ਨੂੰ ਸੰਗਤਾਂ ਨੂੰ ਦਰਸ਼ਨ ਕਰਵਾਏ ਜਾਂਦੇ ਹਨ ।



ਡਾ. ਚਰਨਜੀਤ ਸਿੰਘ ਗੁਮਟਾਲਾ
ਡੇਟਨ, ਓਹਾਇਓ, ਯੂ.ਐਸ.ਏ
001 9375739812
ਵਟਸਐਪ 919417533060


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence
you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial
Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਸਮਾਜ ਅਤੇ ਦੇਸ਼ ਲਈ ਸਭ ਤੋਂ ਵੱਡਾ ਅੰਦਰੂਨੀ ਖਤਰਾ-ਅਰਬਨ ਨੈਕਸਲ



SANJHI SOCH
ਸੰਦੀਪ ਕੁਮਾਰ
ਐਮਸੀਏ, ਐਮ.ਏ ਮਨੋਵਿਗਿਆਨ
7009807121
liberalthinker1621@gmail.com

ਭਾਰਤ ਵਰਗੇ ਵਿਸ਼ਾਲ ਲੋਕਤੰਤਰ ਵਿੱਚ ਅੰਦਰੂਨੀ ਸੁਰੱਖਿਆ ਦਾ ਸਭ ਤੋਂ ਵੱਡਾ ਖ਼ਤਰਾ ਅੱਜ ਕੱਲ੍ਹ “ਅਰਬਨ ਨੈਕਸਲ” ਦੇ ਰੂਪ ਵਿੱਚ ਸਾਹਮਣੇ ਆ ਰਿਹਾ ਹੈ। ਇਹ ਉਹ ਸ਼ਹਿਰੀ ਬੁੱਧੀਜੀਵੀ, ਐਕਟਿਵਿਸਟ, ਲੇਖਕ, ਪੱਤਰਕਾਰ, ਵਕੀਲ ਅਤੇ ਅਧਿਆਪਕ ਹਨ ਜੋ ਖੁੱਲ੍ਹੇ ਤੌਰ ਤੇ ਹਥਿਆਰ ਨਹੀਂ ਚੁੱਕਦੇ, ਪਰ ਆਪਣੀਆਂ ਲਿਖਤਾਂ, ਭਾਸ਼ਣਾਂ, ਸੋਸ਼ਲ ਮੀਡੀਆ ਅਤੇ ਸੰਗਠਨਾਤਮਕ ਸ਼ਕਤੀ ਰਾਹੀਂ ਮਾਓਵਾਦੀ-ਨੈਕਸਲਵਾਦੀ ਵਿਚਾਰਧਾਰਾ ਨੂੰ ਸਮਾਜ ਵਿੱਚ ਫੈਲਾਉਂਦੇ ਹਨ। ਇਹ ਲੋਕ ਦੇਸ਼ ਦੀਆਂ ਸਾਰੀਆਂ ਸਹੂਲਤਾਂ-ਸਿੱਖਿਆ, ਸਿਹਤ, ਸੁਰੱਖਿਆ, ਆਜ਼ਾਦੀ ਦਾ ਲਾਭ ਲੈਂਦੇ ਹਨ ਪਰ ਉਨ੍ਹਾਂ ਦਾ ਦਿਲ ਅਤੇ ਦਿਮਾਗ ਬਾਹਰੀ ਦੁਸ਼ਮਣ ਦੇਸ਼ਾਂ ਅਤੇ ਦੇਸ਼ ਵਿਰੋਧੀ ਤਾਕਤਾਂ ਨਾਲ ਮਿਲਿਆ ਹੋਇਆ ਹੁੰਦਾ ਹੈ। ਇਹ ਅਰਬਨ ਨੈਕਸਲ ਸਮਾਜ ਅਤੇ ਦੇਸ਼ ਲਈ ਸਭ ਤੋਂ ਖ਼ਤਰਨਾਕ ਹਨ ਕਿਉਂਕਿ ਇਹ ਬਾਹਰੋਂ ਦਿਸਦੇ ਤਾਂ ਬੁੱਧੀਜੀਵੀ ਹਨ ਪਰ ਅੰਦਰੋਂ ਦੇਸ਼ ਦੀ ਜੜ੍ਹ ਖੋਦਣ ਵਾਲੇ ਵਿਨਾਸ਼ਕਾਰੀ ਕੀੜੇ ਹਨ।


ਅਰਬਨ ਨੈਕਸਲਾਂ ਦੀ ਸਭ ਤੋਂ ਵੱਡੀ ਖ਼ੂਬੀ ਇਹ ਹੈ ਕਿ ਇਹ ਸਿੱਧੇ ਹਥਿਆਰ ਨਹੀਂ ਚੁੱਕਦੇ, ਇਸ ਲਈ ਇਹ ਕਾਨੂੰਨ ਦੀਆਂ ਅੱਖਾਂ ਵਿੱਚ ਆਸਾਨੀ ਨਾਲ ਬਚ ਜਾਂਦੇ ਹਨ। ਪਰ ਇਹ ਜੰਗਲ ਵਿੱਚ ਬੰਦੂਕ ਚੁੱਕਣ ਵਾਲੇ ਨੈਕਸਲਾਂ ਨੂੰ ਬੌਧਿਕ, ਵਿੱਤੀ ਅਤੇ ਸਮਾਜਿਕ ਸਹਾਰਾ ਦਿੰਦੇ ਹਨ। ਜਦੋਂ ਵੀ ਸੁਰੱਖਿਆ ਬਲ ਕਿਸੇ ਵੱਡੇ ਨੈਕਸਲੀ ਨੂੰ ਮਾਰਦੇ ਹਨ ਤਾਂ ਸ਼ਹਿਰਾਂ ਵਿੱਚ ਇਹੀ ਅਰਬਨ ਨੈਕਸਲ ਸੜਕਾਂ ਤੇ ਉਤਰ ਕੇ ਮੋਮਬੱਤੀਆਂ ਜਗਾਉਂਦੇ ਹਨ, ਧਰਨੇ ਦਿੰਦੇ ਹਨ ਅਤੇ ਮੀਡੀਆ ਵਿੱਚ ਉਸ ਨੂੰ “ਸਮਾਜ ਸੁਧਾਰਕ” ਜਾਂ “ਆਦਿਵਾਸੀ ਹੱਕਾਂ ਦਾ ਰਾਖਾ” ਦੱਸਦੇ ਹਨ। ਉਦਾਹਰਨ ਵਜੋਂ ਹਾਲ ਹੀ ਵਿੱਚ ਛੱਤੀਸਗੜ੍ਹ ਵਿੱਚ ਸੁਰੱਖਿਆ ਬਲਾਂ ਨੇ ਵੱਡੇ ਮਾਓਵਾਦੀ ਆਗੂ ਹਿਡਮਾ ਨੂੰ ਮਾਰ ਗਿਰਾਇਆ। ਇਸ ਤੋਂ ਬਾਅਦ ਦਿੱਲੀ, ਮੁੰਬਈ, ਕੋਲਕਾਤਾ ਅਤੇ ਹੋਰ ਸ਼ਹਿਰਾਂ ਵਿੱਚ ਅਰਬਨ ਨੈਕਸਲਾਂ ਨੇ ਹਿਡਮਾ ਦੇ ਹੱਕ ਵਿੱਚ ਪ੍ਰਦਰਸ਼ਨ ਕੀਤੇ, ਉਸ ਨੂੰ “ਸ਼ਹੀਦ” ਕਿਹਾ ਅਤੇ ਸੁਰੱਖਿਆ ਬਲਾਂ 'ਤੇ “ਰਾਜ ਵਿੱਚ ਦਹਿਸ਼ਤ ਫੈਲਾਉਣ” ਦਾ ਇਲਜ਼ਾਮ ਲਗਾਇਆ। ਇਹ ਉਹੀ ਹਿਡਮਾ ਸੀ ਜਿਸ ਦੇ ਹੁਕਮਾਂ ਤੇ ਸੈਂਕੜੇ ਜਵਾਨ ਸ਼ਹੀਦ ਹੋਏ, ਸਕੂਲ ਉਡਾਏ ਗਏ, ਰੇਲਵੇ ਪਟੜੀਆਂ ਉਖਾੜੀਆਂ ਗਈਆਂ ਅਤੇ ਵਿਕਾਸ ਦੀ ਹਰ ਕੋਸ਼ਿਸ਼ ਨੂੰ ਖ਼ੂਨ ਨਾਲ ਰੋਕਿਆ ਗਿਆ। ਫਿਰ ਵੀ ਅਰਬਨ ਨੈਕਸਲਾਂ ਲਈ ਉਹ “ਹੀਰੋ” ਸੀ। ਇਸ ਤੋਂ ਵੱਡੀ ਦੇਸ਼ਧ੍ਰੋਹੀ ਸੋਚ ਕੀ ਹੋ ਸਕਦੀ ਹੈ?

ਅਰਬਨ ਨੈਕਸਲਾਂ ਦੀ ਦੂਜੀ ਵੱਡੀ ਖ਼ਤਰਨਾਕ ਗਤੀਵਿਧੀ, ਵਿਦੇਸ਼ੀ ਮੁੱਦਿਆਂ ਨੂੰ ਭਾਰਤ ਵਿੱਚ ਲਿਆ ਕੇ ਸਮਾਜ ਨੂੰ ਵੰਡਣਾ ਹੈ । ਉਹ ਭਾਰਤ ਦੇ ਅੰਦਰਲੇ ਮੁੱਦਿਆਂ ਤੇ ਚੁੱਪ ਰਹਿੰਦੇ ਹਨ ਪਰ ਫ਼ਲਸਤੀਨ, ਗਾਜ਼ਾ ਜਾਂ ਕਸ਼ਮੀਰ ਵਿੱਚ ਹੋਣ ਵਾਲੀਆਂ ਘਟਨਾਵਾਂ ਤੇ ਭਾਰਤੀ ਸ਼ਹਿਰਾਂ ਵਿੱਚ ਅੱਗ ਲਗਾ ਦਿੰਦੇ ਹਨ। ਇਸੇ ਸੋਚ ਕਾਰਨ ਟਾਟਾ ਗਰੁੱਪ ਵਰਗੀਆਂ ਦੇਸ਼ ਦੀਆਂ ਮੋਹਰੀ ਕੰਪਨੀਆਂ ਦੇ ਉਤਪਾਦਾਂ ਦਾ ਬਾਈਕਾਟ ਕੀਤਾ ਜਾਂਦਾ ਹੈ ਕਿਉਂਕਿ ਉਨ੍ਹਾਂ ਦਾ ਕੋਈ ਵਿਦੇਸ਼ੀ ਕਾਰੋਬਾਰ ਇਜ਼ਰਾਈਲ ਨਾਲ ਹੈ। ਟਾਟਾ ਨੇ ਭਾਰਤ ਨੂੰ ਏਅਰਲਾਈਨਜ਼, ਸਟੀਲ, ਕਾਰਾਂ, ਨਮਕ ਤੋਂ ਲੈ ਕੇ ਸਾਫਟਵੇਅਰ ਤੱਕ ਦਿੱਤਾ, ਲੱਖਾਂ ਨੌਕਰੀਆਂ ਪੈਦਾ ਕੀਤੀਆਂ, ਕੈਂਸਰ ਹਸਪਤਾਲ ਬਣਾਏ ਪਰ ਅਰਬਨ ਨੈਕਸਲਾਂ ਲਈ ਇਹ ਸਭ ਕੁਝ ਬੇਮਾਇਨੇ ਹੈ। ਉਨ੍ਹਾਂ ਦਾ ਮਕਸਦ ਸਿਰਫ਼ ਦੇਸ਼ ਅੰਦਰ ਅਰਾਜਕਤਾ ਫੈਲਾਉਣਾ ਹੈ, ਭਾਵੇਂ ਇਸ ਨਾਲ ਭਾਰਤੀ ਅਰਥਵਿਵਸਥਾ ਨੂੰ ਕਰੋੜਾਂ ਦਾ ਨੁਕਸਾਨ ਹੋਵੇ।

ਅਰਬਨ ਨੈਕਸਲਾਂ ਦੀ ਸੋਚ ਤੋਂ ਸਭ ਤੋਂ ਵੱਡਾ ਖ਼ਤਰਾ ਨੌਜਵਾਨ ਪੀੜ੍ਹੀ ਨੂੰ ਹੈ। ਯੂਨੀਵਰਸਿਟੀਆਂ ਵਿੱਚ ਇਹ ਲੋਕ “ਅਜ਼ਾਦੀ” ਦੇ ਨਾਅਰੇ ਲਗਵਾ ਕੇ, ਭਾਰਤ ਮਾਤਾ ਦੀਆਂ ਜੈਕਾਰਾਂ ਨੂੰ “ਫਾਸ਼ੀਵਾਦ” ਕਹਿ ਕੇ ਨੌਜਵਾਨਾਂ ਨੂੰ ਭਟਕਾਉਂਦੇ ਹਨ। ਜੇਐਨਯੂ, ਜਾਮੀਆ, ਜਾਧਵਪੁਰ ਵਰਗੀਆਂ ਯੂਨੀਵਰਸਿਟੀਆਂ ਵਿੱਚ ਇਹ ਲੋਕ ਖੁੱਲ੍ਹੇਆਮ “ਭਾਰਤ ਤੇਰੇ ਟੁਕੜੇ ਹੋਂਗੇ” ਵਰਗੇ ਨਾਅਰੇ ਲਗਵਾਉਂਦੇ ਹਨ ਅਤੇ ਫਿਰ ਉਨ੍ਹਾਂ ਨੂੰ “ਅਭਿਵਿਅਕਤੀ ਦੀ ਆਜ਼ਾਦੀ” ਦਾ ਨਾਮ ਦਿੰਦੇ ਹਨ। ਇਹੀ ਨੌਜਵਾਨ ਬਾਅਦ ਵਿੱਚ ਸ਼ਹਿਰਾਂ ਵਿੱਚ ਅਰਾਜਕਤਾ ਫੈਲਾਉਂਦੇ ਹਨ, ਪੁਲਿਸ ਤੇ ਪੱਥਰ ਮਾਰਦੇ ਹਨ, ਜਨਤਕ ਜਾਇਦਾਦ ਨੂੰ ਅੱਗ ਲਗਾਉਂਦੇ ਹਨ।

ਅਰਬਨ ਨੈਕਸਲਾਂ ਦੀ ਸੋਚ ਦਾ ਸਭ ਤੋਂ ਡਰਾਉਣਾ ਰੂਪ ਉਦੋਂ ਸਾਹਮਣੇ ਆਉਂਦਾ ਹੈ ਜਦੋਂ ਦੇਸ਼ ਤੇ ਸੰਕਟ ਆਉਂਦਾ ਹੈ। ਪਹਿਲਗਾਮ ਵਿੱਚ ਆਤੰਕੀ ਹਮਲੇ ਹੋਣ, ਜਵਾਨਾਂ ਦੀਆਂ ਬੱਸਾਂ ਉਡਾਈਆਂ ਜਾਣ, ਲਾਲ ਕਿਲ੍ਹੇ ਤੇ ਹਮਲਾ ਹੋਵੇ ਜਾਂ ਪੁਲਵਾਮਾ ਵਰਗੀ ਘਟਨਾ ਵਾਪਰੇ-ਅਰਬਨ ਨੈਕਸਲਾਂ ਦੀ ਪਹਿਲੀ ਪ੍ਰਤੀਕਿਰਿਆ “ਭਾਰਤ ਸਰਕਾਰ ਦੀ ਗਲਤੀ” ਹੁੰਦੀ ਹੈ। ਉਹ ਕਸ਼ਮੀਰੀ ਪੰਡਿਤਾਂ ਦੇ ਕਤਲੇਆਮ ਤੇ ਚੁੱਪ, ਪਾਕਿਸਤਾਨੀ ਆਤੰਕੀਆਂ ਦੇ ਹੱਕ ਵਿੱਚ ਬਿਆਨ, ਅਤੇ ਭਾਰਤੀ ਫੌਜ ਤੇ “ਜ਼ੁਲਮ” ਦੇ ਇਲਜ਼ਾਮ ਲਗਾਉਂਦੇ ਹਨ। ਇਹ ਲੋਕ ਦੇਸ਼ ਦੀ ਹਰ ਸਫਲਤਾ ਨੂੰ “ਫਾਸ਼ੀਵਾਦ” ਅਤੇ ਹਰ ਅਸਫਲਤਾ ਨੂੰ “ਸਬੂਤ” ਬਣਾ ਕੇ ਪੇਸ਼ ਕਰਦੇ ਹਨ।

ਇਸ ਲਈ ਸਮਾਜ ਅਤੇ ਦੇਸ਼ ਦੀ ਸੁਰੱਖਿਆ ਲਈ ਸਰਕਾਰ ਨੂੰ-ਭਾਵੇਂ ਕਿਸੇ ਵੀ ਪਾਰਟੀ ਦੀ ਹੋਵੇ-ਅਰਬਨ ਨੈਕਸਲ ਸੋਚ ਵਾਲੇ ਵਿਅਕਤੀਆਂ ਵਿਰੁੱਧ ਸਭ ਤੋਂ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਇਹ ਲੋਕ ਸਿਰਫ਼ ਆਪਣੀ ਵਿਚਾਰਧਾਰਾ ਨਹੀਂ ਫੈਲਾਉਂਦੇ, ਬਲਕਿ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨੂੰ ਸਿੱਧਾ ਚੁਣੌਤੀ ਦਿੰਦੇ ਹਨ। ਜੇ ਅੱਜ ਇਨ੍ਹਾਂ ਤੇ ਸਖ਼ਤੀ ਨਾ ਕੀਤੀ ਗਈ ਤਾਂ ਕੱਲ੍ਹ ਇਹੀ ਲੋਕ ਸਾਡੇ ਬੱਚਿਆਂ ਨੂੰ ਹਥਿਆਰ ਚੁੱਕਣ ਲਈ ਤਿਆਰ ਕਰ ਰਹੇ ਹੋਣਗੇ। ਦੇਸ਼ ਦੀ ਸੁਰੱਖਿਆ ਸਰਬਪ੍ਰਥਮ ਹੈ-ਇਸ ਵਿੱਚ ਕੋਈ ਸਮਝੌਤਾ ਨਹੀਂ ਹੋ ਸਕਦਾ। ਅਰਬਨ ਨੈਕਸਲ ਸੋਚ ਦਾ ਹਰ ਰੂਪ, ਹਰ ਚਿਹਰਾ, ਹਰ ਸੰਗਠਨ-ਚਾਹੇ ਉਹ ਐਨਜੀਓ ਹੋਵੇ, ਯੂਨੀਵਰਸਿਟੀ ਹੋਵੇ ਜਾਂ ਮੀਡੀਆ ਹਾਊਸ-ਨੂੰ ਬੇਨਕਾਬ ਕਰਕੇ, ਕਾਨੂੰਨੀ ਕਾਰਵਾਈ ਕਰਕੇ ਖ਼ਤਮ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਕਿਉਂਕਿ ਜਦੋਂ ਦੇਸ਼ ਦੀ ਰਾਖੀ ਦੀ ਗੱਲ ਆਉਂਦੀ ਹੈ ਤਾਂ ਨਾ ਕੋਈ ਵਿਚਾਰਧਾਰਾ ਬਚਦੀ ਹੈ, ਨਾ ਅਭਿਵਿਅਕਤੀ ਦੀ ਆਜ਼ਾਦੀ ਦੀ ਦੁਹਾਈ ਅਤੇ ਨਾ ਹੀ “ਮਨੁੱਖੀ ਅਧਿਕਾਰਾਂ” ਦਾ ਝੂਠਾ ਲੇਬਲ। ਦੇਸ਼ ਸਭ ਤੋਂ ਉੱਤੇ ਹੈ-ਹਮੇਸ਼ਾ ਰਹੇਗਾ।




# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




TAKE CONTROL OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing, Hormone Testing, Diabetes Monitoring, STD Testing, & More!
NO INSURANCE? NO PROBLEM!
WALK-INS WELCOME
ANY LAB TEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਪਠਾਨਕੋਟ-ਡਲਹੌਜ਼ੀ ਦਾ ਸੁਹਾਵਣਾ ਰਸਤਾ: ਕੁਦਰਤੀ ਖੂਬਸੂਰਤੀ ਦੇ ਨਾਲ-ਨਾਲ ਖ਼ਤਰੇ ਦੀ ਘੰਟੀ

ਡਲਹੌਜ਼ੀ, ਖਜਿਆਰ ਅਤੇ ਚੰਬਾ ਭਾਰਤ ਦੇ ਉਹ ਚੋਟੀ ਦੇ ਹਿਲ ਸਟੇਸ਼ਨਾਂ ਵਿਚੋਂ ਇੱਕ ਹੈ, ਜਿਸ ਦੀ ਠੰਢੀ ਟੀਸੀ, ਚਾਰੇ ਪਾਸੇ ਫੈਲੀ ਹਰਿਆਵਲ, ਸ਼ਾਂਤ ਅਤੇ ਦਿਲਕਸ਼ ਵਾਤਾਵਰਣ, ਵੱਖ-ਵੱਖ ਕਿਸਮਾਂ ਦੇ ਪੰਛੀਆਂ ਦੀ ਸੁਰੀਲੀ ਚਹਿਕ ਅਤੇ ਕੁਦਰਤ ਦੇ ਅਨੇਕਾਂ ਮਨਮੋਹਕ ਨਜ਼ਾਰੇ ਹਰ ਸਾਲ ਦੇਸ਼-ਵਿਦੇਸ਼ ਤੋਂ ਆਉਂਦੇ ਸੈਲਾਨੀਆਂ ਨੂੰ ਆਪਣੇ ਵੱਲ ਖਿੱਚ ਲੈਂਦੇ ਹਨ ਉੱਥੇ ਖਾਣ-ਪੀਣ ਦੀਆਂ ਵਿਸ਼ੇਸ਼ ਚੀਜ਼ਾਂ ਅਤੇ ਖ਼ਰੀਦੋ-ਫਰੋਖ਼ਤ ਨਾਲ ਸਜੇ ਰੌਣਕਮਈ ਬਾਜ਼ਾਰ ਇਸ ਖੇਤਰ ਦੀ ਖ਼ੂਬਸੂਰਤੀ ਨੂੰ ਹੋਰ ਚਾਰ ਚੰਦ ਲਗਾਉਂਦੇ ਹਨ, ਖ਼ਾਸ ਕਰਕੇ ਬੱਚਿਆਂ ਲਈ ਦਿੱਖ ਦੇ ਪ੍ਰਤੀਕ ਬਣੇ ਬਾਂਦਰ ਅਤੇ ਲੰਗੂਰ ਦਿਲ ਪ੍ਰਚਾਵਾ ਅਤੇ ਦੋਸਤਾਨਾ ਦਾ ਹੱਥ ਵਧਾਉਂਦੇ ਹਨ,

"ਨਵੇਂ ਸਾਲ 2026" ਦੀ ਆਮਦ ਨਾਲ ਹੀ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੈਲਾਨੀ ਹਿਮਾਚਲ ਪ੍ਰਦੇਸ਼ ਦੇ ਸੁਹਾਵਣੇ ਪਹਾੜੀ ਇਲਾਕਿਆਂ ਡਲਹੌਜ਼ੀ, ਖਜਿਆਰ ਅਤੇ ਚੰਬਾ ਆਦਿ ਖੇਤਰਾਂ ਵੱਲ ਰੁਖ ਕਰਦੇ ਹਨ। ਬਰਫ਼ੀਲੇ ਨਜ਼ਾਰੇ, ਸ਼ਾਂਤ ਵਾਤਾਵਰਨ ਅਤੇ ਕੁਦਰਤੀ ਸੁੰਦਰਤਾ ਨਵੇਂ ਸਾਲ ਦੇ ਜਸ਼ਨਾਂ ਨੂੰ ਯਾਦਗਾਰ ਬਣਾਉਣ ਦਾ ਵਾਅਦਾ ਕਰਦੇ ਹਨ ਪਰ ਜਿਵੇਂ ਹੀ ਸੈਲਾਨੀ ਇਨ੍ਹਾਂ ਮੰਜ਼ਿਲਾਂ ਵੱਲ ਜਾਣ ਵਾਲੀਆਂ ਸੜਕਾਂ 'ਤੇ ਪੈਰ ਰੱਖਦੇ ਹਨ, ਤਸਵੀਰ ਦਾ ਦੂਜਾ ਪਾਸਾ ਸਾਹਮਣੇ ਆ ਜਾਂਦਾ ਹੈ। ਅਨੇਕਾਂ ਰਸਤਿਆਂ ਵਿੱਚ ਸੱੜਕਾ ਦੇ ਕਿਨਾਰੇ ਖੂਹਾਂ ਵਰਗੇ ਖਤਰਨਾਕ ਦ੍ਰਿਸ਼ ਨਾ ਸਿਰਫ਼ ਯਾਤਰਾ ਦੀ ਰੌਣਕ ਖੋਹ ਲੈਂਦੇ ਹਨ, ਸਗੋਂ ਸੈਲਾਨੀਆਂ ਨੂੰ ਡਰ ਅਤੇ ਚਿੰਤਾ ਵਿੱਚ ਵੀ ਪਾ ਦਿੰਦੇ ਹਨ।

ਕਈ ਵਾਰ ਤਾਂ ਇਹ ਖੱਤਰਨਾਕ ਹਾਲਾਤ ਵੇਖ ਕੇ ਲੋਕ ਕੰਨ ਨੂੰ ਹੱਥ ਲਾਉਣ ਲਈ ਮਜਬੂਰ ਹੋ ਜਾਂਦੇ ਹਨ।

ਇਹ ਵੱਡੀ ਵਿਡੰਬਨਾ ਹੈ ਕਿ ਇੱਕ ਪਾਸੇ ਸਰਕਾਰ ਸੈਰ-ਸਪਾਟੇ ਨੂੰ ਬੜ੍ਹਾਵਾ ਦੇਣ ਦੇ ਦਾਅਵੇ ਕਰਦੀ ਹੈ, ਦੂਜੇ ਪਾਸੇ ਬੁਨਿਆਦੀ ਢਾਂਚੇ ਖ਼ਾਸ ਕਰਕੇ ਸੜਕਾਂ ਦੀ ਇਹ ਹਾਲਤ ਸੈਲਾਨੀ ਤਜਰਬੇ 'ਤੇ ਸਵਾਲ ਖੜ੍ਹੇ ਕਰਦੀ ਹੈ।

ਇਥੇ ਇਹ ਗੱਲ ਦੱਸਣਯੋਗ ਹੈ ਕਿ ਪਠਾਨਕੋਟ ਤੋਂ ਵਾਇਆ ਜੁਗਿਆਲ-ਧਾਰਕਲਾਂ ਹੋਕੇ ਡਲਹੌਜ਼ੀ ਨੂੰ ਜਾਂਦਾ ਮੁੱਖ ਰੋਡ ਪਿੱਛਲੀਆਂ ਭਾਰੀ ਬਰਸਾਤਾਂ ਦੀ ਮਾਰ ਨਾਲ ਬੁਰੀ ਤਰ੍ਹਾਂ ਜ਼ਖ਼ਮੀ ਹੋ ਚੁੱਕਾ ਹੈ। ਇਸ ਰਸਤੇ ਦੇ ਅਨੇਕਾਂ ਹਿੱਸਿਆਂ ਵਿੱਚ ਸੜਕਾਂ ਅੱਧੀਆਂ ਪਹਾੜਾਂ ਹੇਠਾਂ ਵਹਿ ਗਈਆਂ ਹਨ, ਜਿੱਥੇ ਮੌਤ ਦੇ ਡੂੰਘੇ ਖੂਹਾਂ ਵਰਗੇ ਡਰਾਉਣੇ ਦ੍ਰਿਸ਼ ਨਜ਼ਰ ਆਉਂਦੇ ਹਨ। ਕਈ ਥਾਵਾਂ 'ਤੇ ਸੜਕ ਦਾ ਇੱਕ ਪਾਸਾ ਪੂਰੀ ਤਰ੍ਹਾਂ ਗਾਇਬ ਹੈ ਅਤੇ ਦੂਜੇ ਪਾਸੇ ਵਾਹਨ ਲੰਘਾਉਣਾ ਜਾਨ ਨੂੰ ਜੋਖਮ ਵਿੱਚ ਪਾਉਣ ਦੇ ਬਰਾਬਰ ਹੈ। ਇਸ ਤੋਂ ਇਲਾਵਾ ਮੁੱਖ ਸੜਕਾਂ ਤੇ ਪਹਾੜਾਂ ਦੀ ਮਿੱਟੀ ਦਾ ਮਲਬਾ ਛੋਟੇ ਛੋਟੇ ਪਹਾੜਾਂ ਵਾਂਗ ਸੜਕ ਦੇ ਅੱਧੇ ਹਿੱਸੇ ਵਿੱਚ ਡਿੱਗੇ ਪਏ ਹਨ ਫਿਰ ਹਾਸੋਹੀਣੀ ਗੱਲ ਉਸ ਸਮੇਂ ਵੇਖਣ ਨੂੰ ਮਿਲਦੀ ਹੈ ਜਦੋਂ ਇਹ ਡਿੱਗੇ ਪਹਾੜਾਂ ਦੀ ਮਿੱਟੀ ਦੇ ਮਲਬੇ ਵਾਲੇ ਛੋਟੇ ਛੋਟੇ ਪਹਾੜਾਂ ਨੂੰ ਹੋਰ ਅੱਗੇ ਜਾਂਣ ਤੋਂ ਰੋਕਣ ਲਈ ਲੋਹੇ ਦੇ ਗਾਡਰ ਦੀ ਜਗ੍ਹਾ ਕਾਨੇ ਵਰਗੀਆਂ ਸੋਟੀਆਂ ਦਾ ਸਹਾਰਾ ਦਿੱਤਾ ਹੋਇਆ ਹੈ ਜ਼ੋ ਕਿਸੇ ਸਮੇਂ ਵੀ ਸੈਲਾਨੀ ਦੇ ਚਾਰ ਪਹੀਆਂ ਵਾਹਨਾਂ ਲਈ ਖੱਤਰੇ ਦਾ ਅਲਾਰਮ ਬਣ ਸਕਦੇ ਹਨ। ਇਥੇ ਇਹ ਵੀ ਧਿਆਨ ਯੋਗ ਹੈ ਕਿ ਜਦੋਂ ਵਾਹਨ ਪਹਾੜੀ ਸੜਕਾਂ ਤੋਂ ਹੇਠਾਂ ਵੱਲ ਉੱਤਰ ਦੀਆਂ ਹਨ, ਸੁਭਾਵਿਕ ਗੱਲ ਹੈ ਕਿ ਵਾਹਨਾਂ ਦੀ ਰਫ਼ਤਾਰ ਆਪਣੇ ਆਪ ਤੇਜ਼ ਹੋ ਜਾਂਦੀ ਹੈ, ਪਰ ਦੂਜੇ ਪਾਸੇ ਤਿੱਖੇ ਮੋੜ, ਅਚਾਨਕ ਆਉਂਦੇ ਟੋਏ ਅਤੇ ਸੜਕ ਦੇ ਕਿਨਾਰਿਆਂ 'ਤੇ ਬਣੇ ਮੌਤ ਦੇ ਖੂਹ ਆਉਣ-ਜਾਣ ਵਾਲਿਆਂ, ਖ਼ਾਸ ਕਰਕੇ ਸੈਲਾਨੀਆਂ, ਨੂੰ ਸਹਿਮ ਸਹਿਮ ਕੇ ਯਾਤਰਾ ਕਰਨ ਲਈ ਮਜਬੂਰ ਕਰ ਰਹੇ ਹਨ। ਇਹ ਸਥਿਤੀ ਬਹੁਤ ਹੀ ਗੰਭੀਰ ਹੈ ਅਤੇ ਅਣਦੇਖੀ ਕੀਤੇ ਜਾਣ ਦੇ ਯੋਗ ਨਹੀਂ, ਫਿਰ ਕਿੱਥੇ ਅਤੇ ਕਦੋਂ ਚੰਗੀ-ਭਲੀ ਸੜਕ ਵਿੱਚ ਅਚਾਨਕ ਟੋਏ ਆ ਜਾਣ, ਇਸ ਬਾਰੇ ਕੋਈ ਭਰੋਸਾ ਨਹੀਂ।

ਸੜਕਾਂ ਭਾਵੇਂ ਪਠਾਨਕੋਟ ਤੋਂ ਡਲਹੌਜ਼ੀ ਤੱਕ ਚੌੜੀਆਂ, ਚਮਕਦਾਰ ਅਤੇ ਪਹਿਲੀ ਨਜ਼ਰ ਵਿੱਚ ਬਹੁਤ ਹੀ ਸਾਫ਼-ਸੁਥਰੀਆਂ ਕਿਉਂ ਨਾ ਲੱਗਣ, ਪਰ ਇਨ੍ਹਾਂ ਦੀ ਹਕੀਕਤ ਅਕਸਰ ਡਰਾਉਣੀ ਸਾਬਤ ਹੁੰਦੀ ਹੈ। ਸਾਫ਼ ਅਤੇ ਵਧੀਆ ਦਿਸਦੀਆਂ ਸੜਕਾਂ ਉੱਤੇ ਵਾਹਨ ਜਦੋਂ ਪੂਰੀ ਰਫ਼ਤਾਰ ਨਾਲ ਆਪਣੀ ਮੰਜ਼ਿਲ ਵੱਲ ਦੌੜ ਪੈਂਦੇ ਹਨ, ਤਾਂ ਅਚਾਨਕ ਸਾਹਮਣੇ ਆਉਂਦੀਆਂ ਹਨ ਖੂਹ ਵਰਗੀਆਂ ਖੱਡਾਂ ਅਤੇ ਟੋਏ । ਇਹ ਅਚਾਨਕ ਆਈਆਂ ਸਥਿਤੀਆਂ ਪਲ ਭਰ ਵਿੱਚ ਸਫ਼ਰ ਨੂੰ ਸੁਰੱਖਿਅਤ ਤੋਂ ਅਸੁਰੱਖਿਅਤ ਬਣਾ ਦਿੰਦੀਆਂ ਹਨ।

ਇਹ ਦ੍ਰਿਸ਼ ਸਿਰਫ਼ ਸੜਕਾਂ ਦੀ ਬਦਹਾਲੀ ਨਹੀਂ ਦੱਸਦੇ, ਸਗੋਂ ਪ੍ਰਸ਼ਾਸਨ ਦੀ ਲਾਪਰਵਾਹੀ ਦਾ ਜਿੰਦਾ-ਜਾਗਦਾ ਸਬੂਤ ਹਨ। ਚਾਲਕ ਜਦੋਂ ਇਨ੍ਹਾਂ ਅਚਾਨਕ ਆਏ 'ਮੌਤ ਦੇ ਜਾਲਾਂ' ਤੋਂ ਬਚਣ ਦੀ ਕੋਸ਼ਿਸ਼ ਕਰਦਾ ਹੈ, ਤਾਂ ਅਕਸਰ ਵਾਹਨ ਦਾ ਸੰਤੁਲਨ ਵਿਗੜ ਜਾਂਦਾ ਹੈ ਅਤੇ ਦੁਰਘਟਨਾ ਦਾ ਖ਼ਦਸ਼ਾ ਕਈ ਗੁਣਾ ਵੱਧ ਜਾਂਦਾ ਹੈ। ਖ਼ਾਸ ਕਰਕੇ ਅੱਜ-ਕੱਲ੍ਹ ਦੀ ਅੰਨ੍ਹੀ ਧੁੰਦ, ਰਾਤ ਦੇ ਸਮੇਂ ਜਾਂ ਮੀਂਹ ਦੌਰਾਨ ਇਹ ਖੱਡੇ ਮੌਤ ਨੂੰ ਸੱਦਾ ਦੇਣ ਵਰਗੇ ਸਾਬਤ ਹੁੰਦੇ ਹਨ।

ਸਵਾਲ ਇਹ ਨਹੀਂ ਕਿ ਸੜਕਾਂ ਕਿੰਨੀ ਚਮਕਦਾਰ ਦਿਸਦੀਆਂ ਹਨ, ਸਵਾਲ ਇਹ ਹੈ ਕਿ ਕੀ ਉਹ ਸਫ਼ਰ ਲਈ ਸੁਰੱਖਿਅਤ ਵੀ ਹਨ? ਜਦੋਂ ਤੱਕ ਸੜਕਾਂ ਦੀ ਨਿਯਮਿਤ ਜਾਂਚ, ਮੁਰੰਮਤ ਅਤੇ ਜਵਾਬਦੇਹੀ ਯਕੀਨੀ ਨਹੀਂ ਬਣਾਈ ਜਾਂਦੀ, ਤਦ ਤੱਕ ਹਰ ਯਾਤਰਾ ਇੱਕ ਅਣਜਾਣ ਖ਼ਤਰੇ ਨਾਲ ਭਰੀ ਰਹੇਗੀ।

ਜਦੋਂ ਇਹ ਲੇਖਕ ਖੁਦ ਇਸ ਰਸਤੇ 'ਤੇ ਆਪਣੀ ਕਾਰ ਵਿੱਚ ਸਫ਼ਰ ਕਰ ਰਿਹਾ ਸੀ, ਤਾਂ ਨਾ ਜਾਣੇ ਕਿੰਨੀ ਵਾਰ ਮੁੱਖ ਸੜਕ ਦੇ ਟੋਇਆਂ ਨਾਲ ਦੋ-ਚਾਰ ਹੋਣਾ ਪਿਆ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਇਲਾਕੇ ਦੇ ਭੇਤੀ ਵਸਨੀਕ ਵੀ ਅੱਜ ਕੱਲ੍ਹ ਫੂਕ-ਫੂਕ ਕੇ ਕਦਮ ਰੱਖ ਰਹੇ ਹਨ, ਤਾਂ ਬਾਹਰੋਂ ਆ ਰਹੇ ਸੈਲਾਨੀਆਂ ਲਈ ਇਹ ਡਰ ਹੋਰ ਵੀ ਵਧ ਜਾਣਾ ਸੁਭਾਵਿਕ ਹੈ। ਲੋਕ ਇਹ ਵੀ ਦੱਸਦੇ ਹਨ ਕਿ ਪਠਾਨਕੋਟ ਤੋਂ ਵਾਇਆ ਜੁਗਿਆਲ-ਧਾਰਕਲਾਂ ਰਾਹੀਂ ਡਲਹੌਜ਼ੀ ਜਾਣ ਲਈ ਸੈਲਾਨੀ ਇਸ ਰਸਤੇ ਦੀ ਚੋਣ ਇਸ ਲਈ ਕਰਦੇ ਹਨ ਕਿਉਂਕਿ ਇਸ ਦਰਮਿਆਨ ਦੇਸ਼ ਦਾ ਬਹੂਮੁੱਲਾ ਰਣਜੀਤ ਸਾਗਰ ਡੈਮ ਅਤੇ ਕਈ ਮਨਮੋਹਕ ਵਿਊ ਪੋਇੰਟ ਵੇਖਣ ਨੂੰ ਮਿਲਦੇ ਹਨ ਉੱਥੇ ਪਾਂਡਵਾਂ ਨਾਲ ਸੰਬੰਧਤ ਮਸ਼ਹੂਰ ਗੁਫ਼ਾਵਾਂ ਵਾਲਾ ਧਾਰਮਿਕ ਅਸਥਾਨ ਮੁਕਤੇਸ਼ਵਰ ਧਾਮ, ਦੇਸ਼ ਦੇ ਮਹਾਨ ਕ੍ਰਾਂਤੀਕਾਰੀ ਅਤੇ ਵਜ਼ੀਰ ਸ਼ਹੀਦ ਰਾਮ ਸਿੰਘ ਪਠਾਣੀਆ ਦਾ ਮੰਦਿਰ, ਅਤੇ ਸ਼ਿਵਾਲਿਕ ਪਹਾੜੀਆਂ ਦੀ ਗੋਦ ਵਿੱਚ ਵਸਿਆ 'ਮਿੰਨੀ ਗੋਆ' ਵੀ ਇਸ ਰਸਤੇ ਦੀ ਖ਼ਾਸ ਪਹਿਚਾਣ ਹਨ ਜਿੱਥੋਂ ਦੇ ਮਨਮੋਹਕ ਨਜ਼ਾਰੇ ਲੈਕੇ ਸੈਲਾਨੀ ਬਾਗ਼ੋ ਬਾਗ ਹੋ ਜਾਂਦੇ ਹਨ ।

ਭਾਵੇਂ ਪਠਾਨਕੋਟ-ਡਲਹੌਜੀ ਜਰਨੈਲੀ ਸੜਕ ਦਾ ਦੋ ਤਿੰਨ ਥਾਵਾਂ ਤੇ ਕੰਮ ਚੱਲ ਰਿਹਾ ਹੈ ਪਰ ਸੋਚਣ ਵਾਲੀ ਗੱਲ ਹੈ ਕਿ ਪਿੱਛੇ ਆਏ ਹੜਾਂ ਨੂੰ ਪੰਜ ਮਹੀਨਿਆਂ ਤੋਂ ਵੱਧ ਸਮਾਂ ਹੋ ਗਿਆ ਹੈ ਪ੍ਰੰਤੂ ਅੱਜੇ ਤੱਕ ਸੜਕ ਦਾ ਕੰਮ ਨੇਪਰੇ ਨਹੀ ਚੱੜ ਸੱਕਿਆ ਜ਼ੋ ਪ੍ਰਸ਼ਾਸਨ ਦੀ ਸਿੱਧੀ ਸਿੱਧੀ ਲਾਪ੍ਰਵਾਹੀ ਨਹੀਂ ਤਾਂ ਹੋਰ ਕੀ ਹੈ ?

ਦੂਜੇ ਪਾਸੇ ਪਠਾਨਕੋਟ ਤੋਂ ਵਾਇਆ ਜੁਗਿਆਲ-ਧਾਰਕਲਾਂ ਹੋਕੇ ਡਲਹੌਜ਼ੀ ਨੂੰ ਜਾਂਦਾ ਕਰਮਾਂ ਦਾ ਮਾਰਾ ਮੁੱਖ ਰੋਡ ਨਿਰਮਾਣ ਪੱਖੋਂ ਮੂੰਹ ਚੁੱਕੀ ਦੇਖ ਰਿਹਾ ਹੈ ਕਿ ਕੱਦ ਕਿਸਮਤ ਦੇ ਦਰਵਾਜ਼ੇ ਖੁੱਲਣਗੇ ?ਇਸ ਲਈ ਪੰਜਾਬ ਸਰਕਾਰ ਅਤੇ ਹਿਮਾਚਲ ਪ੍ਰਦੇਸ਼ ਸਰਕਾਰ ਨੂੰ ਚਾਹੀਦਾ ਹੈ ਕਿ ਸੈਲਾਨੀਆਂ ਦੀ ਵਧਦੀ ਆਮਦ ਅਤੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਇਸ ਬਹੁਤ ਹੀ ਮਹੱਤਵਪੂਰਨ ਸੜਕ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ। ਖ਼ਤਰਨਾਕ ਥਾਵਾਂ 'ਤੇ ਮਜ਼ਬੂਤ ਸੁਰੱਖਿਆ ਗਾਰਡ, ਸਪਸ਼ਟ ਚੇਤਾਵਨੀ ਬੋਰਡ ਅਤੇ ਵਿਗਿਆਨਿਕ ਢੰਗ ਨਾਲ ਭੂਸਖਲਨ ਰੋਕੂ ਪ੍ਰਬੰਧ ਕੀਤੇ ਜਾਣ। ਨਹੀਂ ਤਾਂ ਕਿਤੇ ਇਹ ਕੁਦਰਤੀ ਸੁੰਦਰਤਾ ਦਾ ਰਸਤਾ ਕਿਸੇ ਵੱਡੇ ਦੁਖਾਂਤ ਦਾ ਕਾਰਨ ਨਾ ਬਣ ਜਾਵੇ।



ਰਾਜਿੰਦਰ ਸਿੰਘ 'ਰਾਜਨ'
ਪਠਾਨਕੋਟ
9417427656




ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN 7 DAYS A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਝੰਡਿਆ ਤਿਰੰਗਿਆ

ਝੰਡਿਆ ਤਿਰੰਗਿਆ ਨਿਰਾਲੀ
ਤੇਰੀ ਸ਼ਾਨ ਏ
ਤੂੰ ਏ ਜਿੰਦ ਜਾਨ ਸਾਡੀ ਤੂੰ ਹੀ
ਸਾਡਾ ਮਾਣ ਏ,
ਲੰਮਾ ਏ ਇਤਿਹਾਸ ਤੇਰੇ ਤਿੰਨ
ਰੰਗਾਂ ਦਾ
ਤੂੰ ਹੀ ਏ ਪ੍ਰਤੀਕ ਸਾਡੀਆਂ
ਸੱਧਰਾਂ ਤੇ ਉਮੰਗਾਂ ਦਾ,
ਕੇਸਰੀ ਏ ਪ੍ਰਤੀਕ ਰੰਗ ਤਿਆਗ
ਅਤੇ ਕੁਰਬਾਨੀ ਦਾ
ਦੇਸ਼ ਲਈ ਵਾਰ ਗਏ ਜੋ ਇੱਕ
ਇੱਕ ਜਿੰਦਗਾਨੀ ਦਾ,
ਚਿੱਟਾ ਰੰਗ ਪ੍ਰਤੀਕ ਸ਼ਾਂਤੀ ਤੇ
ਪਿਆਰ ਦਾ
ਸੁਖੀ ਵਸੇ ਹਰ ਬਾਸ਼ਿੰਦਾ ਇਸ
ਸੰਸਾਰ ਦਾ,
ਹਰਾ ਰੰਗ ਪ੍ਰਤੀਕ ਉੱਨਤੀ ਅਤੇ
ਖੁਸ਼ਹਾਲੀ ਦਾ
ਖੇਤਾਂ ਵਿੱਚੋਂ ਝਲਕਦੀ ਜੋ ਪੂਰੀ
ਹਰਿਆਲੀ ਦਾ,
ਅਸ਼ੋਕ ਚੱਕਰ ਪ੍ਰਤੀਕ ਏ ਚੌਵੀ
ਘੰਟੇ ਤਰੱਕੀ ਦਾ
ਦੇਸ਼ ਭਗਤੀ ਦਾ ਜਜ਼ਬਾ ਵੀ ਸੀਨੇ
ਵਿੱਚ ਰੱਖੀ ਦਾ,
ਮੰਨਵੀ ਵਾਲਾ ਕਰਦਾ ਧਰਮਿੰਦਰ
ਤੈਨੂੰ ਸਲਾਮ ਏ
ਝੰਡਿਆ ਤਿਰੰਗਿਆ ਨਿਰਾਲੀ
ਤੇਰੀ ਸ਼ਾਨ ਏ
ਝੰਡਿਆ ਤਿਰੰਗਿਆ ਨਿਰਾਲੀ
ਤੇਰੀ ਸ਼ਾਨ ਏ

**ਧਰਮਿੰਦਰ ਸਿੰਘ**
**ਮੰਨਵੀ ਮਲੇਰਕੋਟਲਾ**

# ਗਣਤੰਤਰ ਦਿਵਸ

ਸਿਰਫ਼ ਇਕ ਦਿਨ ਨਹੀਂ,
ਇਹ ਯਾਦ ਦਿਲਾਂਦਾ ਹੈ
ਕਿ ਕਾਨੂੰਨ ਬਣੇ ਸਨ
ਦੇਸ਼ ਦੀ ਰੱਖਿਆ ਲਈ,
ਦੇਸ਼ ਨੂੰ ਸਹੀ ਰਾਹ 'ਤੇ ਚਲਾਉਣ ਲਈ।
ਪਰ ਪੁੱਛਣਾ ਲਾਜ਼ਮੀ ਹੈ
ਕੀ ਅਸੀਂ ਸੱਚਮੁੱਚ ਗਣਤੰਤਰ ਹਾਂ?
ਜਿੱਥੇ ਕਾਨੂੰਨ
ਸਿਰਫ਼ ਕਿਤਾਬਾਂ ਤੱਕ ਸੀਮਿਤ ਰਹਿ ਜਾਣ,
ਜਿੱਥੇ ਪੈਸਾ ਸੱਚ ਤੋਂ ਵੀ ਵਧ ਤਾਕਤਵਰ ਹੋ ਜਾਵੇ,
ਜਿੱਥੇ ਝੰਡਾ ਗੱਡੀ 'ਤੇ ਲੱਗ ਜਾਵੇ
ਪਰ ਜ਼ਿੰਮੇਵਾਰੀ ਮੋਢਿਆਂ 'ਤੇ ਨਾ ਆਵੇ
ਕੀ ਓਥੇ ਆਜ਼ਾਦੀ ਸੱਚਮੁੱਚ ਜਿਊਂਦੀ ਰਹਿੰਦੀ ਹੈ?
ਜਿਸ ਦੇਸ਼ ਵਿੱਚ ਕੁੜੀ ਨੂੰ
ਖੁੱਲ੍ਹ ਕੇ ਜੀਣ ਦਾ ਹੱਕ ਨਾ ਮਿਲੇ,
ਜਿੱਥੇ ਉਸਦੇ ਸੁਪਨਿਆਂ ਦੇ ਪੱਖ
ਉੱਡਣ ਤੋਂ ਪਹਿਲਾਂ ਹੀ ਕੱਟ ਦਿੱਤੇ ਜਾਣ,
ਉੱਥੇ ਸਿਰਫ਼ ਇਕ ਕੁੜੀ ਨਹੀਂ,
ਪੂਰਾ ਸੰਵਿਧਾਨ ਹਾਰ ਜਾਂਦਾ ਹੈ।
ਜਿਸ ਦੇਸ਼ ਵਿੱਚ
ਪੜ੍ਹਾਈ ਤੋਂ ਵੱਧ ਵੋਟ ਦੀ ਕੀਮਤ ਹੋਵੇ,
ਜਿੱਥੇ ਮਹਿਨਤ ਨਾਲ ਨਹੀਂ
ਸਿਰਫ਼ ਪਛਾਣ ਨਾਲ ਹੀ ਅੱਗੇ ਵਧਣ ਦੇ ਰਾਹ ਮਿਲਣ,
ਉੱਥੇ ਗਣਤੰਤਰ ਦਿਵਸ
ਸਿਰਫ਼ ਇਕ ਜਸ਼ਨ ਬਣ ਕੇ ਰਹਿ ਜਾਂਦਾ ਹੈ।
ਗਣਤੰਤਰ ਦਾ ਮਤਲਬ
ਸਿਰਫ਼ ਜਸ਼ਨ ਨਹੀਂ,
ਗਣਤੰਤਰ ਦਾ ਮਤਲਬ ਜ਼ਿੰਮੇਵਾਰੀ ਹੈ
ਸਵਾਲ ਪੁੱਛਣ ਦੀ ਹਿੰਮਤ,
ਗਲਤ ਦੇ ਖ਼ਿਲਾਫ਼ ਆਵਾਜ਼,
ਅਤੇ ਹਰ ਨਾਗਰਿਕ ਲਈ ਬਰਾਬਰੀ ਦਾ ਹੱਕ।
ਜਦੋਂ ਧੀ, ਪੁੱਤਰ, ਗਰੀਬ, ਅਮੀਰ
ਸਭ ਨੂੰ ਇਕੋ ਨਜ਼ਰ ਨਾਲ ਵੇਖਿਆ ਜਾਵੇਗਾ,
ਜਦੋਂ ਕਾਨੂੰਨ ਸਿਰਫ਼ ਲਿਖਿਆ ਨਹੀਂ
ਨਿਭਾਇਆ ਵੀ ਜਾਵੇਗਾ
ਤਾਂ ਹੀ ਸੱਚਮੁੱਚ ਕਿਹਾ ਜਾ ਸਕੇਗਾ,
ਹਾਂ,
ਇਹ ਦੇਸ਼ ਗਣਤੰਤਰ ਹੈ
ਅਤੇ ਇਸ ਦਿਨ ਨੂੰ ਮਨਾਉਣਾ
ਵਾਕਈ ਕਾਬਿਲ-ਏ-ਮਾਣ ਹੈ।




**ਨੈਂਨਸੀ ਮੋਹਾਲੀ**




SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated
REALTOR


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

*Where Hope Meets*

IMMIGRATION OPPORTUNITIES

USA SERVICES :

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

WE HAVE THE CHEAPEST FARES TO INDIA

# LEGEND TRAVEL



arc accredited agency
CST # 207524-40

Special Fares To India From West-coast (us) On Air India Direct Flights



JATINDER SINGH

LOWEST AIRFARES FROM USA TO INDIA

★Travel Insurance ★ Great last Minute Deals★ Offices in India


ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA


Pal Films
Production
All Your Photo/Videography &
Post Production needs Under One Roof
RED PRO 5.0
RED
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician**
**Since 1973**
**DHMS-Gold Medalist,**
**BAMS, MDEH**
**Ex-Prof, Principal &**
**CMO Medical**
**Colleges/Hospitals in**
**India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 123**

ਮਾਝ ਮਹਲਾ ੩ ॥

ਤੇਰੇ ਭਗਤ ਸੋਹਹਿ ਸਾਚੈ ਦਰਬਾਰੇ ॥ ਗੁਰ ਕੈ ਸਬਦਿ ਨਾਮਿ ਸਵਾਰੇ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਨਾਮੁ ਸੁਣਿ ਮੰਨਿ ਵਸਾਵਣਿਆ ॥ ਹਰਿ ਜੀਉ ਸਚਾ ਊਚੋ ਊਚਾ ਹਉਮੈ ਮਾਰਿ ਮਿਲਾਵਣਿਆ ॥੧॥ ਰਹਾਉ ॥ ਹਰਿ ਜੀਉ ਸਾਚਾ ਸਾਚੀ ਨਾਈ ॥ ਗੁਰ ਪਰਸਾਦੀ ਕਿਸੈ ਮਿਲਾਈ ॥ ਗੁਰ ਸਬਦਿ ਮਿਲਹਿ ਸੇ ਵਿਛੁੜਹਿ ਨਾਹੀ ਸਹਜੇ ਸਚਿ ਸਮਾਵਣਿਆ ॥੨॥ ਤੁਝ ਤੇ ਬਾਹਰਿ ਕਛੂ ਨ ਹੋਇ ॥ ਤੂੰ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਆਪੇ ਕਰੇ ਕਰਾਏ ਕਰਤਾ ਗੁਰਮਤਿ ਆਪਿ ਮਿਲਾਵਣਿਆ ॥੩॥ ਕਾਮਣਿ ਗੁਣਵੰਤੀ ਹਰਿ ਪਾਏ ॥ ਭੈ ਭਾਇ ਸੀਗਾਰੁ ਬਣਾਏ ॥ ਸਤਿਗੁਰੁ ਸੇਵਿ ਸਦਾ ਸੋਹਾਗਣਿ ਸਚ ਉਪਦੇਸਿ ਸਮਾਵਣਿਆ ॥੪॥ ਸਬਦੁ ਵਿਸਾਰਨਿ ਤਿਨਾ ਠਉਰੁ ਨ ਠਾਉ ॥ ਭ੍ਰਮਿ ਭੂਲੇ ਜਿਉ ਸੁੰਞੈ ਘਰਿ ਕਾਉ ॥ ਹਲਤੁ ਪਲਤੁ ਤਿਨੀ ਦੋਵੈ ਗਵਾਏ ਦੁਖੇ ਦੁਖਿ ਵਿਹਾਵਣਿਆ ॥੫॥ ਲਿਖਦਿਆ ਲਿਖਦਿਆ ਕਾਗਦ ਮਸੁ ਖੋਈ ॥ ਦੂਜੈ ਭਾਇ ਸੁਖੁ ਪਾਏ ਨ ਕੋਈ ॥ ਕੂੜੁ ਲਿਖਹਿ ਤੈ ਕੂੜੁ ਕਮਾਵਹਿ ਜਲਿ ਜਾਵਹਿ ਕੂੜਿ ਚਿਤੁ ਲਾਵਣਿਆ ॥੬॥ ਗੁਰਮੁਖਿ ਸਚੋ ਸਚੁ ਲਿਖਹਿ ਵੀਚਾਰੁ ॥ ਸੇ ਜਨ ਸਚੇ ਪਾਵਹਿ ਮੋਖ ਦੁਆਰੁ ॥ ਸਚੁ ਕਾਗਦੁ ਕਲਮ ਮਸਵਾਣੀ ਸਚੁ ਲਿਖਿ ਸਚਿ ਸਮਾਵਣਿਆ ॥੭॥ ਮੇਰਾ ਪ੍ਰਭੁ ਅੰਤਰਿ ਬੈਠਾ ਵੇਖੈ ॥ ਗੁਰ ਪਰਸਾਦੀ ਮਿਲੈ ਸੋਈ ਜਨੁ ਲੇਖੈ ॥ ਨਾਨਕ ਨਾਮੁ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ ॥੮॥੨੨॥੨੩॥ {ਪੰਨਾ 123}

ਭਾਵ ਅਰਥ:

ਹੇ ਸੱਚੇ ਕਰਤਾਰ! ਤੇਰੇ ਬੰਦਗੀ ਵਾਲੇ ਜੀਵ ਤੇਰੇ ਦੁਆਰੇ (ਭਜਨ ਬੰਦਗੀ ਕਰਦੇ) ਜਚਦੇ ਹਨ। ਉਹਨਾਂ ਨੂੰ ਗੁਰੂ ਦੁਆਰਾ ਦੱਸੀ ਗਈ ਬਾਣੀ ਹੋਰ ਵੀ ਸੁੰਦਰ ਬਣਾ ਦਿੰਦੀ ਹੈ। ਉਹ ਦਿਨ ਰਾਤ ਤੇਰੇ ਨਾਮ ਸਿਮਰਨ ਵਿਚ ਲੱਗੇ ਰਹਿਣ ਕਾਰਨ ਸ਼ਬਦ ਉਹਨਾਂ ਨੂੰ ਸੁੰਦਰ ਬਣਾ ਦਿੰਦੇ ਹਨ ਅਤੇ ਇਹੀ ਸ਼ਬਦ ਧੁਰ ਤੱਕ ਅਨੰਦਿਤ ਕਰ ਦਿੰਦੇ ਹਨ। ਇਹ ਸਾਰਾ ਕੁਝ ਕਰਦੇ ਉਹ ਭਗਤ ਸ਼ਬਦ ਵਿੱਚ ਇਨੇ ਲੀਨ ਹੋ ਜਾਂਦੇ ਹਨ ਕਿ ਉਹ ਸ਼ਬਦ ਬਾਣੀ ਵਿੱਚ ਹੀ ਸਮਾ ਜਾਂਦੇ ਹਨ॥੧॥

ਮੈਂ ਉਹਨੂੰ ਪਰਾਣੀਆਂ ਤੋਂ ਵਾਰੀ ਵਾਰੀ ਜਾਂਦਾ ਹਾਂ ਜਿਹੜੇ ਪ੍ਰਭੂ ਦਾ ਨਾਮ ਸੁਣ ਕੇ ਮਨ ਵਿੱਚ ਵਸਾਉਣਾ ਕਰਦੇ ਹਨ। ਉਹ ਹਰੀ ਪ੍ਰਭੂ ਸਰਬਉੱਚ ਹੈ, ਇੰਨਾ ਉੱਚਾ ਹੈ ਕਿ ਮਨੁੱਖ ਦੇ ਮਨ ਦੀ ਹਉਮੈ ਰੂਪੀ ਮੈਲ ਨੂੰ ਮਾਰ ਖੱਪਾ ਦਿੰਦਾ ਹੈ॥੧॥ ਰਹਾਉ॥

ਉਹ ਹਰੀ ਪ੍ਰਭੂ ਆਪ ਸੱਚਾ ਹੈ ,ਸਦਾ ਥਿਰ ਹੈ। ਉਹਦਾ ਨਾਮ ਵੀ ਸੱਚਾ ਹੈ, ਗੁਰੂ ਦੀ ਕਿਰਪਾ ਨਾਲ ਕਿਸੇ ਕਿਸੇ ਨੂੰ ਹੀ ਮਿਲ ਸਕਦਾ ਹੈ। ਫਿਰ ਜਦੋਂ ਗੁਰੂ ਦੁਆਰਾ ਦੱਸਿਆ ਗਿਆ ਸ਼ਬਦ ,ਗੁਰੂ ਦਾ ਮੰਤਰ, ਮਨੁੱਖ ਦੇ ਮਨ ਚ ਬੈਠ ਜਾਂਦਾ ਹੈ ਤਾਂ ਉਹ ਨਿਕਲ ਨਹੀਂ ਸਕਦਾ। ਉਸ ਦੇ ਨਾਲ ਮਨ ਦਾ ਮਿਲਾਵਾ ਹੋ ਜਾਂਦਾ ਹੈ, ਇਸ ਤਰ੍ਹਾਂ ਹਿਰਦੇ ਵਿੱਚ ਸਹਿਜ ਅਡੋਲਤਾ ਬਣ ਜਾਂਦੀ ਹੈ॥੨॥

ਹੇ ਸਰਬ ਨਿਰੰਜਨ ਦਾਤਾ! ਤੇਰੇ ਹੁਕਮ ਤੋਂ ਬਿਨਾਂ ਕੁਝ ਨਹੀਂ ਹੋ ਸਕਦਾ, ਤੂੰ ਆਪੇ ਸ੍ਰਿਸ਼ਟੀ ਨੂੰ ਥਾਪਦਾ ਹੈਂ ਤੇ ਆਪ ਹੀ ਵੇਖਦਾ ਹੈਂ । ਗੁਰੂ ਦੀ ਮੱਤ ਰੱਖਣ ਵਾਲਿਆਂ ਨੂੰ ਆਪਣੇ ਚਰਨਾਂ ਵਿੱਚ ਜਗ੍ਹਾ ਵੀ ਦਿੰਦਾ ਹੈਂ॥੩॥

ਉਹ ਜੀਵ ਇਸਤਰੀ ਜਿਹੜੀ ਤੇਰੇ ਭਾਵਾਂ ਦੀ ਤਮੰਨਾ ਰੱਖਦੀ ਹੈ, ਤੇਰੇ ਨਾਮ ਨੂੰ ਜਪਣਾ ਚਾਹੁੰਦੀ ਹੈ, ਉਹ ਤੈਨੂੰ ਪਾ ਲੈਂਦੀ ਹੈ । ਉਸ ਨੇ ਤੇਰੇ ਆਦਰ ਸਤਿਕਾਰ, ਭੈ ਨੂੰ ਆਪਣਾ ਸ਼ਿੰਗਾਰ ਬਣਾਇਆ ਹੋਇਆ ਹੈ। ਉਹ ਜੀਵ ਇਸਤਰੀ ਸਦਾ ਤੇਰਾ ਨਾਮ ਜਪਦੀ ਹੈ ,ਤੇਰਾ ਸਿਮਰਨ ਕਰਦੀ ਹੈ ਤੇਰੇ ਨਾਲ ਉਹਦੀ ਲਿਵ ਜੁੜ ਜਾਂਦੀ ਹੈ। ਤੇਰੇ ਆਦਰ ਸਤਿਕਾਰ ਕਾਰਨ ਤੇਰੇ ਨਾਲ ਇੱਕ ਮਿਕ ਹੋ ਜਾਂਦੀ ਹੈ॥੪॥

ਜਿਹੜੇ ਜੀਵ ਤੈਨੂੰ ਭੁੱਲ ਜਾਂਦੇ ਹਨ, ਉਹਨਾਂ ਨੂੰ ਇਸ ਦੁਨੀਆਂ ਤੇ ਕੋਈ ਟਿਕਾਣਾ ਨਹੀਂ ਮਿਲਦਾ। ਉਹ ਇਸ ਤਰਾਂ ਭੁੱਲੇ ਭਟਕਦੇ ਫਿਰਦੇ ਹਨ ਜਿਵੇਂ ਸੁੰਨੇ ਘਰ ਵਿੱਚ ਕਾਂ ਭਟਕਦਾ ਫਿਰਦਾ। ਉਹ ਲੋਕ ਪਰਲੋਕ ਭੁੱਲੇ ਹਨ ਅਤੇ ਸਿਰਫ ਦੁੱਖ ਤੇ ਦੁੱਖ ਵਿੱਚ ਹੀ ਗਲਤਾਨ ਰਹਿੰਦੇ ਹਨ॥੫॥

ਹੇ ਨਿਰੰਜਨ ਪ੍ਰਭੂ ! ਤੇਰੇ ਬਾਰੇ ਸੰਪੂਰਨ ਤੌਰ ਤੇ ਕੋਈ ਵੀ ਜਾਣ ਨਹੀਂ ਸਕਿਆ ,ਇਥੋਂ ਤੱਕ ਕਿ ਜੇ ਕੋਈ ਲਿਖਣ ਲੱਗ ਜਾਵੇ ਤੇ ਕਾਗਜ਼ ਤੇ ਸਿਆਹੀ ਖਤਮ ਹੋ ਜਾਏਗੀ। ਪਰ ਤੇਰਾ ਅੰਤ ਨਾ ਪਾਰਾਵਾਰ ਹੋਏਗਾ। ਜਿਹੜੇ ਲੋਕ ਮਾਇਆ ਦੇ ਭਾਵਾਂ ਵਿੱਚ ਅਤੇ ਕੂੜ ਵਿੱਚ ਡੁੱਬੇ ਰਹਿੰਦੇ ਹਨ ਉਹਨਾਂ ਨੂੰ ਤੂੰ ਕਦੇ ਵੀ ਨਹੀਂ ਮਿਲ ਸਕਦਾ। ਦੂਜੇ ਪਾਸੇ ਜਿਹੜੇ ਲੋਕ ਝੂਠ ਪਾਪ ਤੇ ਕੂੜ ਲਿਖਦੇ ਹਨ , ਇਹ ,ਪਾਪ ਲਿਖਿਆ ਹੋਇਆ ਉਹਨਾਂ ਨੂੰ ਆਪ ਹੀ ਜਲਾ ਦਿੰਦਾ ਹੈ॥੬॥

ਗੁਰੂ ਦੇ ਸਨਮੁਖ ਰਹਿਣ ਵਾਲਾ ਸੱਚ ਪੁਰਖ, ਸੱਚੇ ਵਿਚਾਰ ਤੇ ਉਸ ਸਦਾ ਥਿਰ ਪ੍ਰਭੂ ਦੀ ਉਸਤਤ ਬਾਰੇ ਲਿਖਦਾ ਹੈ ।ਅਜਿਹੇ ਸੱਚੇ ਮਨੁੱਖ ਮੁਕਤੀ ਦੇ ਦੁਆਰ ਨੂੰ ਪਾਉਂਦੇ ਹਨ। ਅਜਿਹੇ ਬੰਦੇ ਆਪਣੇ ਕੋਲ ਸੱਚ ਦੀ ਕਲਮ ਸਿਆਹੀ ਤੇ ਸੱਚ ਦਾ ਕਾਗਜ ਰੱਖਦੇ ਹਨ ਤੇ ਇਹ ਉਸ ਉੱਪਰ ਪਵਿੱਤਰ ਨਾਮ ਲਿਖ ਕੇ, ਇਸ ਨਾਮ ਵਿੱਚ ਹੀ ਸਮਾ ਜਾਂਦੇ ਹਨ॥੭॥

ਮੇਰਾ ਪ੍ਰਭੂ ਦਾਤਾ! ਏਕੰਕਾਰ ਵਾਹਿਗੁਰੂ ਬੈਠਾ ਸਭ ਕੁਝ ਦੇਖਦਾ ਹੈ ਜਿਸ ਦੇ ਭਾਗਾਂ ਵਿੱਚ ਉਸਨੂੰ ਮਿਲਣਾ ਲਿਖਿਆ ਹੋਇਆ ਹੁੰਦਾ ਹੈ ,ਉਹ ਗੁਰੂ ਦੀ ਕਿਰਪਾ ਤੇ ਗੁਰੂ ਦੇ ਦਿੱਤੇ ਗਿਆਨ ਨਾਲ ਉਹਦੇ ਚਰਨ ਕਮਲਾਂ ਤੱਕ ਪਹੁੰਚ ਜਾਂਦਾ ਹੈ। ਨਾਮ ਜਪਣ, ਨਾਮ ਲਿਖਣ, ਨਾਮ ਪੜਨ ਤੇ ਨਾਮ ਦੇ ਵਿੱਚ ਲੀਨ ਹੋ ਜਾਣ ਨਾਲ ਹੀ ਜਸ ਮਾਨ ਵਡਿਆਈਆਂ ਪ੍ਰਾਪਤ ਹੁੰਦੀਆਂ ਹਨ॥੮॥

ਮਾਝ ਮਹਲਾ ੩ ॥

ਆਤਮ ਰਾਮ ਪਰਗਾਸੁ ਗੁਰ ਤੇ ਹੋਵੈ ॥ ਹਉਮੈ ਮੈਲੁ ਲਾਗੀ ਗੁਰ ਸਬਦੀ ਖੋਵੈ ॥ ਮਨੁ ਨਿਰਮਲੁ ਅਨਦਿਨੁ ਭਗਤੀ ਰਾਤਾ ਭਗਤਿ ਕਰੇ ਹਰਿ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਆਪਿ ਭਗਤਿ ਕਰਨਿ ਅਵਰਾ ਭਗਤਿ ਕਰਾਵਣਿਆ ॥ ਤਿਨਾ ਭਗਤ ਜਨਾ ਕਉ ਸਦ ਨਮਸਕਾਰੁ ਕੀਜੈ ਜੋ ਅਨਦਿਨੁ ਹਰਿ ਗੁਣ ਗਾਵਣਿਆ ॥੧॥ ਰਹਾਉ ॥ ਆਪੇ ਕਰਤਾ ਕਾਰਣੁ ਕਰਾਏ ॥ ਜਿਤੁ ਭਾਵੈ ਤਿਤੁ ਕਾਰੈ ਲਾਏ ॥ ਪੂਰੈ ਭਾਗਿ ਗੁਰ ਸੇਵਾ ਹੋਵੈ ਗੁਰ ਸੇਵਾ ਤੇ ਸੁਖੁ ਪਾਵਣਿਆ ॥੨॥ ਮਰਿ ਮਰਿ ਜੀਵੈ ਤਾ ਕਿਛੁ ਪਾਏ ॥ ਗੁਰ ਪਰਸਾਦੀ ਹਰਿ ਮੰਨਿ ਵਸਾਏ ॥ ਸਦਾ ਮੁਕਤੁ ਹਰਿ ਮੰਨਿ ਵਸਾਏ ਸਹਜੇ ਸਹਜਿ ਸਮਾਵਣਿਆ ॥੩॥ ਬਹੁ ਕਰਮ ਕਮਾਵੈ ਮੁਕਤਿ ਨ ਪਾਏ ॥ ਦੇਸੰਤਰੁ ਭਵੈ ਦੂਜੈ ਭਾਇ ਖੁਆਏ ॥ ਬਿਰਥਾ ਜਨਮੁ ਗਵਾਇਆ ਕਪਟੀ ਬਿਨੁ ਸਬਦੈ ਦੁਖੁ ਪਾਵਣਿਆ ॥੪॥ ਧਾਵਤੁ ਰਾਖੈ ਠਾਕਿ ਰਹਾਏ ॥ ਗੁਰ ਪਰਸਾਦੀ ਪਰਮ ਪਦੁ ਪਾਏ ॥ ਸਤਿਗੁਰੁ ਆਪੇ ਮੇਲਿ ਮਿਲਾਏ ਮਿਲਿ ਪ੍ਰੀਤਮ ਸੁਖੁ ਪਾਵਣਿਆ ॥੫॥ ਇਕਿ ਕੂੜਿ ਲਾਗੇ ਕੂੜੇ ਫਲ ਪਾਏ ॥ ਦੂਜੈ ਭਾਇ ਬਿਰਥਾ ਜਨਮੁ ਗਵਾਏ ॥ ਆਪਿ ਡੁਬੇ ਸਗਲੇ ਕੁਲ ਡੋਬੇ ਕੂੜੁ ਬੋਲਿ ਬਿਖੁ ਖਾਵਣਿਆ ॥੬॥ ਇਸੁ ਤਨ ਮਹਿ ਮਨੁ ਕੋ ਗੁਰਮੁਖਿ ਦੇਖੈ ॥ ਭਾਇ ਭਗਤਿ ਜਾ ਹਉਮੈ ਸੋਖੈ ॥ ਸਿਧ ਸਾਧਿਕ ਮੋਨਿਧਾਰੀ ਰਹੇ ਲਿਵ ਲਾਇ ਤਿਨ ਭੀ ਤਨ ਮਹਿ ਮਨੁ ਨ ਦਿਖਾਵਣਿਆ ॥੭॥ ਆਪਿ ਕਰਾਏ ਕਰਤਾ ਸੋਈ ॥ ਹੋਰੁ ਕਿ ਕਰੇ ਕੀਤੈ ਕਿਆ ਹੋਈ ॥ ਨਾਨਕ ਜਿਸੁ ਨਾਮੁ ਦੇਵੈ ਸੋ ਲੇਵੈ ਨਾਮੋ ਮੰਨਿ ਵਸਾਵਣਿਆ ॥੮॥੨੩॥੨੪॥ {ਪੰਨਾ 123-124}

ਭਾਵ ਅਰਥ:-

ਗੁਰੂ ਦੇ ਦੱਸੇ ਮਾਰਗ ਅਨੁਸਾਰ ਰਾਮ ਨਾਮ ਜਪਣ ਨਾਲ ਆਤਮਾ ਵੀ ਸ਼ੁੱਧ ਹੋ ਜਾਂਦੀ ਹੈ ਉਸ ਨੂੰ ਵੀ ਚਾਨਣਾ ਹੋ ਜਾਂਦਾ ਹੈ। ਜੇ ਉਸ ਨੂੰ ਵੀ ਕੂੜ ਦੀ ਮੈਲ ਲੱਗੀ ਹੋਵੇ ਦੂਜੇ ਭਾਵਾਂ ਦੀ ਮੈਲ ਲੱਗੀ ਹੋਵੇ ਤਾਂ ਗੁਰੂ ਦੇ ਦੱਸੇ ਸ਼ਬਦ ਬਾਣੀ ਅਨੁਸਾਰ ਉਹ ਵੀ ਲੈ ਜਾਂਦੀ ਹੈ। ਜਿਹੜੇ ਮਨੁੱਖ ਦਿਨ ਰਾਤ ਸੱਚੇ ਪਾਤਸ਼ਾਹ ਦਾ ਨਾਮ ਜਪਦੇ ਹਨ ਤੇ ਉਹਨਾਂ ਦਾ ਮਨ ਉਸ ਦੇ ਨਾਮ ਵਿੱਚ ਰੰਗਿਆ ਰਹਿੰਦਾ ਹੈ ਉਹ ਹਰੀ ਪ੍ਰਭੂ ਨੂੰ ਹਾਸਲ ਕਰ ਰਹੀ ਲੈਂਦੇ ਹਨ॥੧॥

ਮੈਂ ਉਹਨਾਂ ਤੋਂ ਕੁਰਬਾਨ ਜਾਣਾ ਹਾਂ, ਜੋ ਭਲੇ ਪੁਰਖ ਆਪ ਤਾ ਭਗਤੀ ਕਰਦੇ ਹੀ ਹਨ ਨਾਮ ਜਪਦੇ ਹੀ ਹਨ ਹੋਰਾਂ ਨੂੰ ਵੀ ਨਾਲ ਜੋੜਦੇ ਹਨ। ਇਸ ਦੇ ਨਾਲ ਹੀ ਮੈਂ ਉਹਨਾਂ ਸੱਚੇ ਭਗਤਾਂ ਨੂੰ ਵੀ ਨਮਨ ਕਰਦਾ ਹਾਂ ਜੋ ਦਿਨ ਰਾਤ ਪ੍ਰਭੂ ਨੂੰ ਆਪਣੇ ਚੇਤੇ ਵਿੱਚੋਂ ਵਿਸਾਰਦੇ ਨਹੀਂ ਤੇ ਉਸੇ ਦੇ ਨਾਮ ਦਾ ਗੁਣ ਗਾਣ ਕਰਦੇ ਰਹਿੰਦੇ ਹਨ॥੧॥ ਰਹਾਉ॥

ਉਸ ਦੀ ਖੇਡ ਵੇਖੋ ਉਹ ਬੰਦੇ ਕੋਲੋਂ ਸਭ ਕੁਝ ਆਪ ਹੀ ਕਰਨ ਕਰਾਵਣ ਜੋਗ ਹੈ। ਉਸੇ ਨੇ ਹਰ ਇੱਕ ਜੀਵ ਨੂੰ ਆਪਣੀ ਮਰਜ਼ੀ ਮੁਤਾਬਿਕ ਕੰਮਾਂ ਧੰਦਿਆਂ ਵਿੱਚ ਲਾਇਆ ਹੋਇਆ ਹੈ। ਕੁਝ ਐਸੇ ਮਨੁੱਖ ਹਨ ਜਿਨਾਂ ਉੱਤੇ ਉਸ ਦੀ ਨਜ਼ਰ ਦੀ ਮਿਹਰ ਪੈ ਗਈ ਹੈ ਤੇ ਉਹ ਸੁਣੇ ਆਪਣੇ ਨਾਮ ਨਾਲ ਜੋੜ ਲਿਆ ਹੈ ਇਸ ਤਰਾਂ ਉਹਨਾਂ ਨੂੰ ਭਰਪੂਰ ਅਨੰਦਿਤ ਕਰ ਰੱਖਿਆ ਹੈ॥੨॥

ਉਹ ਮਨੁੱਖ ਜੋ ਆਪਣੀਆਂ ਵਾਧੂ ਭਾਵਨਾਵਾਂ ਉੱਤੇ ਅੰਕੁਸ਼ ਲਾਉਣ ਤੇ ਕਾਮਯਾਬ ਹੋ ਜਾਂਦਾ ਹੈ ਭਾਵ ਉਹਨਾਂ ਨੂੰ ਮਾਰ ਦਿੰਦਾ ਹੈ ਤਾਂ ਹੀ ਉਸਨੂੰ (ਨਾਮ ਅਤੇ ਫਿਰ ਪ੍ਰਭੂ ਦੇ ਚਰਨ ਕਮਲਾਂ ਵਿੱਚ ਜਗਹਾ ਮਿਲਦੀ ਹੈ) ।

ਉਹ ਦੀਨ ਦਯੋਂਦਰ ਤਾਂ ਹੀ ਮਨ ਵਿੱਚ ਵਸਦਾ ਹੈ ਜੇ ਮਨੁੱਖ ਗੁਰੂ ਦੇ ਲੜ ਲੱਗਦਾ ਹੈ ਤੇ ਗੁਰੂ ਦੀ ਸਿੱਖਿਆ ਅਨੁਸਾਰ ਨਾਮ ਬਾਣੀ ਦੀ ਬੰਦਗੀ ਕਰਦਾ ਹੈ। ਅਜਿਹਾ ਪ੍ਰਾਣੀ ਹਮੇਸ਼ਾ ਵਾਸਤੇ ਇਹਨਾਂ ਝਗੜਿਆਂ ਚ ਮੇਲਿਆਂ ਤੋਂ ਮੁਕਤੀ ਪਾ ਲੈਂਦਾ ਹੈ ਅਤੇ ਹਿਰਦੇ ਦੇ ਅੰਦਰ ਅਡੋਲਤਾ ਸ਼ਾਂਤੀ ਆ ਜਾਂਦੀ ਹੈ ਕਿਸੇ ਤਰਾਂ ਦੀ ਕੋਈ ਵਾਧੂ ਤਾਂ ਨਹੀਂ ਰਹਿ ਜਾਂਦੀ॥੩॥

ਕੁਝ ਐਸੇ ਵੀ ਮਨੁੱਖ ਹਨ ਜੋ ਕਈ ਤਰਹਾਂ ਦੇ ਕਰਮ ਕਰਦੇ ਹਨ (ਪਰ ਉਹਨਾਂ ਦਾ ਸਿੱਧਾ ਸਬੰਧ ਭਗਤੀ ਨਾਲ ਨਹੀਂ ਹੁੰਦਾ) ਤੇ ਉਹਨਾਂ ਨੂੰ ਕਦੇ ਵੀ ਜੀਵਨ ਵਿੱਚ ਤੇ ਜੀਵਨ ਤੋਂ ਬਾਅਦ ਮੋਕਸ਼ ਨਹੀਂ ਮਿਲਦਾ, ਅਜਿਹੇ ਹੀ ਬਹੁਤ ਸਾਰੇ ਸਾਧੂ ਸੰਤ ਸਨਿਆਸੀ ਜੋਗੀ ਹਨ, ਜੋ ਬਹੁਤ ਸਾਰੇ ਦੇਸ਼ਾਂ ਦੇ ਸੰਤਰਾਂ ਵਿੱਚ ਭਰਮ ਤੇ ਤਾਂ ਫਿਰਦੇ ਹਨ ਪਰ ਖਵਾਰ ਹੀ ਹੁੰਦੇ ਹਨ ਖੱਜਲ ਹੀ ਹੁੰਦੇ ਹਨ, ਪ੍ਰਭੂ ਨਾਲ ਮਿਲਾਪ ਉਹਨਾਂ ਦਾ ਨਹੀਂ ਹੁੰਦਾ। ਅਸਲ ਵਿੱਚ ਇਹੋ ਜਿਹੇ ਲੋਕਾਂ ਦੇ ਮਨਾਂ ਵਿੱਚ ਪਵਿੱਤਰਤਾ ਨਾ ਹੋ ਕੇ ਕੂੜ ਹੁੰਦਾ ਹੈ ਤੇ ਸਾਰਾ ਜਨਮ ਇਸੇ ਵਿਖਾਵੇ ਵਿੱਚ ਕੱਢ ਕੇ ਵਿਅਰਥ ਗਵਾ ਦਿੰਦੇ ਹਨ॥੪॥

ਅਜਿਹੇ ਗਲਤ ਕੰਮਾਂ ਤੋਂ ਉਹ ਹਰੀ ਪ੍ਰਭੂ ਆਪ ਵਰਜਦਾ ਹੈ ਪਰ ਜਿਹੜੇ ਲੋਕ ਗੁਰੂ ਦਾ ਕਹਿਣਾ ਮੰਨ ਲੈਂਦੇ ਹਨ ਉਹਨਾਂ ਨੂੰ ਉੱਚੀ ਪਦਵੀ ਮਿਲ ਜਾਂਦੀ ਹੈ ਸਚੇ ਗੁਰੂ ਆਪ ਹੀ ਉਸ ਪ੍ਰੀਤਮ ਪ੍ਰਭੂ ਪਰਮਾਤਮਾ ਅਕਾਲ ਪੁਰਖ ਨੂੰ ਮਿਲਾਵਣ ਵਾਲਾ ਹੈ॥੫॥

ਜਿਹੜੇ ਜੀਵ ਪਾਪ ਨਾਲ ਜੁੜਦੇ ਹਨ ਦੂਜੇ ਭਾਏ ਲੱਗਦੇ ਹਨ ਉਹਨਾਂ ਨੂੰ ਫਲ ਵੀ ਕੌੜੇ ਮਿਲਦੇ ਹਨ ਅਤੇ ਜਨਮ ਵਿਅਰਥ ਗਵਾ ਦਿੰਦੇ ਹਨ। ਝੂਠ ਬੋਲ ਬੋਲ ਕੇ ਜਹਿਰ ਖਾਣ ਵਾਲੀ ਗੱਲ ਹੈ ਅਜਿਹੇ ਬੰਦੇ ਆਪ ਤਾਂ ਡੁੱਬਦੇ ਹਨ ਆਪਣੇ ਕੁਲ ਪਰਿਵਾਰ ਨੂੰ ਵੀ ਡੋਬ ਦਿੰਦੇ ਹਨ॥੬॥

ਹੇ ਭਾਈ ਇਸ ਸਰੀਰ ਦੇ ਅੰਦਰ ਜਿਹੜਾ ਮਨ ਹੈ ਉਸ ਦਾ ਅਸਲੀ ਰੂਪ ਕੋਈ ਸਿੱਧ ਪੁਰਖ ਹੀ ਦੇਖ ਸਕਦਾ ਹੈ ਜਾਂ ਇਉ ਕਹਿ ਲੋ ਕਿ ਗੁਰੂ ਦੇ ਮਗਰ ਚੱਲਣ ਵਾਲਾ ਹੀ ਪਛਾਣ ਸਕਦਾ ਹੈ। ਅਜਿਹੇ ਗੁਰਮੁਖ ਨੂੰ ਭਗਤੀ ਭਾਉਂਦੀ ਹੈ ਤੇ ਮਨ ਦੇ ਅੰਦਰੋਂ ਹਰ ਤਰਹਾਂ ਦਾ ਹੰਕਾਰ ਮਿਟ ਜਾਂਦਾ ਹੈ। ਕੁਛ ਸਾਧੂ ਸੰਤ ਸੰਨਿਆਸੀ ਮੋਨ ਧਾਰੀ ਪ੍ਰਭੂ ਚ ਲਿਵ ਤਾਂ ਲਾਉਣ ਦੀ ਕੋਸ਼ਿਸ਼ ਕਰਦੇ ਹਨ ਪਰ ਉਹਨਾਂ ਨੂੰ ਆਪਣੇ ਮਨ ਦੇ ਅੰਦਰ ਹੀ ਪ੍ਰਭੂ ਦਾ ਵਾਸਾ ਦਿਖਾਈ ਨਹੀਂ ਦਿੰਦਾ। ਉਹ ਉਸ ਨੂੰ ਬਾਹਰੋਂ ਢੂੰਡਦੇ ਫਿਰਦੇ ਹਨ॥੭॥

ਸੋ ਤਤ ਸਾਰ ਇਹੋ ਹੀ ਹੈ ਬੰਦਾ ਜੋ ਵੀ ਕਰਦਾ ਹੈ ਉਹ ਅਕਾਲ ਪੁਰਖ ਦੀ ਆਗਿਆ ਨਾਲ ਹੀ ਕਰਦਾ ਹੈ ਕਿਸੇ ਹੋਰ ਦੇ ਕੀਤੇ ਕੁਛ ਨਹੀਂ ਹੋ ਸਕਦਾ। ਹੇ ਨਾਨਕ ਜਿਨ੍ਹਨੂੰ ਤੂੰ ਨਾਮ ਦਿੰਦਾ ਹੈ ਉਹੀ ਆਪਣੇ ਹਿਰਦੇ ਵਿੱਚ ਨਾਮ ਨੂੰ ਵਸਾ ਸਕਦਾ ਹੈ।

**ਅੰਗ 124**

ਮਾਝ ਮਹਲਾ ੩ ॥

ਗੁਫਾ ਮਹਿ ਅਖੁਟ ਭੰਡਾਰਾ ॥ ਤਿਸੁ ਵਿਚਿ ਵਸੈ ਹਰਿ ਅਲਖ ਅਪਾਰਾ ॥ ਆਪੇ ਗੁਪਤੁ ਪਰਗਟੁ ਹੈ ਆਪੇ ਗੁਰ ਸਬਦੀ ਆਪੁ ਵੰਞਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਅੰਮ੍ਰਿਤ ਨਾਮੁ ਮੰਨਿ ਵਸਾਵਣਿਆ ॥ ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰਮਤੀ ਅੰਮ੍ਰਿਤੁ ਪੀਆਵਣਿਆ ॥੧॥ ਰਹਾਉ ॥ ਹਉਮੈ ਮਾਰਿ ਬਜਰ ਕਪਾਟ ਖੁਲਾਇਆ ॥ ਨਾਮੁ ਅਮੋਲਕੁ ਗੁਰ ਪਰਸਾਦੀ ਪਾਇਆ ॥ ਬਿਨੁ ਸਬਦੈ ਨਾਮੁ ਨ ਪਾਏ ਕੋਈ ਗੁਰ ਕਿਰਪਾ ਮੰਨਿ ਵਸਾਵਣਿਆ ॥੨॥ ਗੁਰ ਗਿਆਨ ਅੰਜਨੁ ਸਚੁ ਨੇਤ੍ਰੀ ਪਾਇਆ ॥ ਅੰਤਰਿ ਚਾਨਣੁ ਅਗਿਆਨੁ ਅੰਧੇਰੁ ਗਵਾਇਆ ॥ ਜੋਤੀ ਜੋਤਿ ਮਿਲੀ ਮਨੁ ਮਾਨਿਆ ਹਰਿ ਦਰਿ ਸੋਭਾ ਪਾਵਣਿਆ ॥੩॥ ਸਰੀਰਹੁ ਭਾਲਣਿ ਕੋ ਬਾਹਰਿ ਜਾਏ ॥ ਨਾਮੁ ਨ ਲਹੈ ਬਹੁਤੁ ਵੇਗਾਰਿ ਦੁਖੁ ਪਾਏ ॥ ਮਨਮੁਖ ਅੰਧੇ ਸੂਝੈ ਨਾਹੀ ਫਿਰਿ ਘਿਰਿ ਆਇ ਗੁਰਮੁਖਿ ਵਥੁ ਪਾਵਣਿਆ ॥੪॥ ਗੁਰ ਪਰਸਾਦੀ ਸਚਾ ਹਰਿ ਪਾਏ ॥ ਮਨਿ ਤਨਿ ਵੇਖੈ ਹਉਮੈ ਮੈਲੁ ਜਾਏ ॥ ਬੈਸਿ ਸੁਥਾਨਿ ਸਦ ਹਰਿ ਗੁਣ ਗਾਵੈ ਸਚੈ ਸਬਦਿ ਸਮਾਵਣਿਆ ॥੫॥ ਨਉ ਦਰ ਠਾਕੇ ਧਾਵਤੁ ਰਹਾਏ ॥ ਦਸਵੈ ਨਿਜ ਘਰਿ ਵਾਸਾ ਪਾਏ ॥ ਓਥੈ ਅਨਹਦ ਸਬਦ ਵਜਹਿ ਦਿਨੁ ਰਾਤੀ ਗੁਰਮਤੀ ਸਬਦੁ ਸੁਣਾਵਣਿਆ ॥੬॥ ਬਿਨੁ ਸਬਦੈ ਅੰਤਰਿ ਆਨੇਰਾ ॥ ਨ ਵਸਤੁ ਲਹੈ ਨ ਚੂਕੈ ਫੇਰਾ ॥ ਸਤਿਗੁਰ ਹਥਿ ਕੁੰਜੀ ਹੋਰਤੁ ਦਰੁ ਖੁਲੈ ਨਾਹੀ ਗੁਰੁ ਪੂਰੈ ਭਾਗਿ ਮਿਲਾਵਣਿਆ ॥੭॥ ਗੁਪਤੁ ਪਰਗਟੁ ਤੂੰ ਸਭਨੀ ਥਾਈ ॥ ਗੁਰ ਪਰਸਾਦੀ ਮਿਲਿ ਸੋਝੀ ਪਾਈ ॥ ਨਾਨਕ ਨਾਮੁ ਸਲਾਹਿ ਸਦਾ ਤੂੰ ਗੁਰਮੁਖਿ ਮੰਨਿ ਵਸਾਵਣਿਆ ॥੮॥੨੪॥੨੫॥ {ਪੰਨਾ 124}

ਭਾਵ ਅਰਥ:-

ਹੇ ਸੱਜਣੋ! ਇਸ ਸਰੀਰ ਦੇ ਅੰਦਰ ਨਾ ਖਤਮ ਹੋਣ ਵਾਲਾ ਖਜਾਨਾ ਹੈ ਜਿਹੜਾ ਕਿ ਉਸ ਪ੍ਰਭੂ ਪਰਮਾਤਮਾ ਦੇ ਨਾਮ ਦਾ ਹੈ। ਉਸ ਪ੍ਰਭੂ ਦੀ ਖੇਡ ਦੇਖੋ ਉਹ ਆਪ ਹੀ ਜਗ ਜਾਹਰ ਹੈ ਤੇ ਆਪ ਹੀ ਛੁਪਿਆ ਹੈ। ਜਿਸ ਨੂੰ ਗੁਰੂ ਦੇ ਦੱਸੇ ਮਾਰਗ ਅਨੁਸਾਰ ਸਬਦ ਬਾਣੀ ਰਾਹੀਂ ਪਾਇਆ ਜਾ ਸਕਦਾ ਹੈ॥੧॥ । ਮੈਂ ਇਸ ਅੰਮ੍ਰਿਤਮਈ ਨਾਮ ਨੂੰ ਹਿਰਦੇ ਅੰਦਰ ਵਸਾਉਣ ਵਾਲੇ ਤੋਂ ਭਾਵ ਗੁਰੂ ਤੋਂ ਵਾਰੀ ਜਾਂਦਾ ਹਾਂ ।ਗੁਰੂ ਦੀ ਮੱਤ ਦਾ ਰਸਤਾ ਅਤਿ ਘਣਾ ਮਿੱਠਾ ਹੈ ਤੇ ਗੁਰੂ ਦੀ ਮੱਤ ਰਾਹੀਂ ਹੀ ਇਸ ਅੰਮ੍ਰਿਤ ਨੂੰ ਪੀਤਾ ਜਾ ਸਕਦਾ ਹੈ॥੧॥ ਰਹਾਉ॥

ਹੇ ਮਨੁੱਖ! ਆਪਣੇ ਅੰਦਰ ਦੇ ਹੰਕਾਰ ਨੂੰ ਮਾਰ ਦੇਅ, ਜਿਸ ਨਾਲ ਪੱਥਰ ਵਰਗੇ ਦੁਵਾਰ ਵੀ ਖੁੱਲ ਜਾਣਗੇ ਅਤੇ ਹਿਰਦੇ ਅੰਦਰ ਪਰਮਾਤਮਾ ਦਾ ਨਾਮ ਪ੍ਰਵੇਸ਼ ਹੋ ਜਾਏਗਾ। ਇਹ ਨਾਮ ਹੀ ਹੈ ਜੋ ਬੇਸ਼ਕੀਮਤੀ ਹੋਣ ਕਰਕੇ ਅਤੇ ਗੁਰੂ ਦੀ ਕਿਰਪਾ ਨਾਲ ਹਾਸਲ ਕੀਤਾ ਜਾ ਸਕਦਾ ਹੈ। ਜਦੋਂ ਗੁਰੂ ਦੀ ਕਿਰਪਾ ਮਨ ਤੇ ਹੋ ਜਾਂਦੀ ਹੈ ਤੇ ਮਨ ਸ਼ਬਦ ਬਾਣੀ ਨਾਲ ਜੁੜ ਜਾਂਦਾ ਹੈ ਤਾਂ ਹੀ ਸੱਚੇ ਪਾਤਸ਼ਾਹ ਨੂੰ ਪਾਇਆ ਜਾ ਸਕਦਾ ਹੈ ,ਬਿਨਾਂ ਇਸ ਦੇ ਨਾਲ ਜੁੜਿਆਂ ਅਕਾਲ ਪੁਰਖ ਨੂੰ ਨਹੀਂ ਪਾਇਆ ਜਾ ਸਕਦਾ॥੨॥

ਗੁਰੂ ਨੇ ਕਿਰਪਾ ਕੀਤੀ ਹੈ ਤੇ ਗਿਆਨ ਦਾ ਸੁਰਮਾ ਸਾਡੀਆਂ ਅੱਖਾਂ ਵਿੱਚ ਪਾਇਆ ਹੈ। ਇਹ ਕਰਮ ਪੂਰਾ ਹਿਰਦਾ ਰੋਸ਼ਨਾ ਗਿਆ ਹੈ ਤੇ ਹਨੇਰਾ ਕਿਤੇ ਦਾ ਕਿਤੇ ਉੱਡ ਗਿਆ। ਇਸ ਤਰਾਂ ਪ੍ਰਭੂ ਨਾਲ ਹਿਰਦੇ ਦਾ ਮਿਲਾਪ ਹੋ ਗਿਆ ਤੇ ਉਸ ਦੇ ਦਰ ਤੋਂ ਵਡਿਆਈਆਂ ਦੀਆਂ ਢੇਰਾਂ ਦਾਤਾਂ ਮਿਲ ਗਈਆਂ ਹਨ॥੩॥

ਹੇ ਪ੍ਰਾਣੀ ! ਤੂੰ ਉਸ ਸੱਚੇ ਪਾਤਸ਼ਾਹ ਨੂੰ ਸਰੀਰ ਦੇ ਬਾਹਰੋਂ ਕਿੱਥੋਂ ਲੱਭਦਾ ਫਿਰਦਾ ਹੈਂ, ਇਸ ਨਾਲ ਤਾਂ ਉਹ ਕਦੇ ਨਹੀਂ ਮਿਲ ਸਕਦਾ ,ਸਗੋਂ ਬਹੁਤ ਸਾਰੇ ਦੁੱਖ ਝੱਲਣੇ ਪੈਂਦੇ ਹਨ। ਮਨ ਦੀਆਂ ਕਰਨ ਵਾਲਾ ਮਨੁੱਖ ਪਾਗਲਾਂ ਦੀ ਤਰਾਂ ਇਧਰ ਉਧਰ ਧੱਕੇ ਖਾਂਦਾ ਫਿਰਦਾ ਹੈ, ਪਰ ਹਰਿ ਪ੍ਰਭੂ ਤੇ ਗੁਰਮੁਖ ਨੂੰ ਮਿਲ ਕੇ ਹੀ ਉਹਦਾ ਮਕਸਦ ਪੂਰਾ ਹੋ ਸਕਦਾ ਹੈ॥੪॥

ਗੁਰੂ ਦੀ ਕਿਰਪਾ ਹੁੰਦੀ ਹੈ ਤਾਂ ਹੀ ਉਸ ਸਦਾ ਥਿਰ ਪ੍ਰਭੂ ਨੂੰ ਹਾਸਲ ਕੀਤਾ ਜਾ ਸਕਦਾ ਹੈ। ਜਦ ਅਸੀਂ ਉਸ ਅਕਾਲ ਪੁਰਖ ਨੂੰ ਮਨ ਅਤੇ ਤਨ ਦੋਨੋਂ ਅਰਪਣ ਕਰ ਦਿੰਦੇ ਹਾਂ ਤਾਂ ਹਉਮੈ ਰੂਪੀ ਮੈਲ ਲੱਥ ਜਾਂਦੀ ਹੈ। ਸੁਚੇ ਥਾਂ ਉੱਤੇ ਬੈਠ ਕੇ ਹਰੀ ਪ੍ਰਭੂ ਦੇ ਗੁਣ ਗਾਣ ਕਰਨ, ਉਹਦਾ ਜਾਪ ਕਰਨ ਤੇ ਉਹਦੇ ਸ਼ਬਦ ਵਿੱਚ ਹੀ ਸਮਾ ਜਾਣਾ ਅਸਲ ਨਾਮ ਜਪ ਹੈ ॥੫॥

ਨੌਂ ਇੰਦਰੀਆਂ ਦੇ ਰਸਾਂ ਕਸਾਂ ਵਿੱਚ ਪਿਆ ਬੰਦਾ ਇਧਰ ਉਧਰ ਭੱਜਦਾ ਰਹਿੰਦਾ ਹੈ ,ਪਰ ਅਸਲ ਵਿੱਚ ਜਦੋਂ ਦਸਵਾਂ ਦੁਆਰ ਖੁੱਲਦਾ ਹੈ, ਤਾਂ ਇਥੇ ਦਿਨ ਰਾਤ ਬਿਨਾ ਕਿਸੇ ਵਾਜੇ ਤੋਂ ਸੁੰਦਰ ਨਾਦ ਵੱਜਦਾ ਮਹਿਸੂਸ ਹੁੰਦਾ ਹੈ ਤੇ ਗੁਰੂ ਦੀ ਕਿਰਪਾ ਨਾਲ ਇਹ ਸੁਣਨ ਨੂੰ ਮਿਲਦਾ ਹੈ। ਤਾਂ ਹੀ ਉਸ ਮਨੁੱਖ ਨੂੰ ਸੱਚੇ ਪਾਤਸ਼ਾਹ ਅਕਾਲ ਪੁਰਖ ਦੇ ਘਰ ਦਾ ਰਸਤਾ ਮਿਲਦਾ ਹੈ॥੬॥

ਹੇ ਦਾਤੇ! ਤੇਰੇ ਸ਼ਬਦ ਬਾਣੀ ਤੋਂ ਬਿਨਾਂ ਜਗਤ ਹਨੇਰਾ ਹੈ ।ਇਸ ਤੋਂ ਬਿਨਾਂ ਜਨਮ ਮਰਨ ਦੇ ਗੇੜ ਨਹੀਂ ਖਤਮ ਹੋ ਸਕਦੇ। ਮੇਰੇ ਜੀਵਨ ਦੀ ਚਾਬੀ ਸੱਚੇ ਪਾਤਸ਼ਾਹ ਦੇ ਹੱਥ ਵਿੱਚ ਹੈ ਹੋਰ ਕਿਸੇ ਦੇ ਕਹਿਣ ਤੇ ਜਾਂ ਕਰਨ ਤੇ ਇਹ (ਮਨ ਦਾ) ਦਰਵਾਜਾ ਨਹੀਂ ਖੁੱਲ ਸਕਦਾ, ਤੇ ਇਥੇ ਤੱਕ ਆਸਾਨੂੰ ਪਹੁੰਚਾਉਣ ਵਿੱਚ ਗੁਰੂ ਹੀ ਸਹਾਈ ਹੁੰਦਾ ਹੈ। ਇਸ ਦੇ ਨਾਲ ਹੀ ਜੇ ਭਾਗਾਂ ਵਿੱਚ ਉਕਰਿਹਾ ਹੋਵੇ ਤਾਂ ਹੀ ਪ੍ਰਭੂ ਚਰਨਾਂ ਨਾਲ ਮਿਲਾਪ ਹੋ ਸਕਦਾ॥

ਹੇ ਅਕਾਲ ਪੁਰਖ !ਤੂੰ ਹਰ ਥਾਂ ਸਥੂਲ ਅਤੇ ਅਸਥੂਲ ਰੂਪ ਵਿੱਚ ਵਿਆਪਤ ਹੈਂ। ਇਸ ਭੇਦ ਦਾ ਗੁਰੂ ਦੇ ਮਿਲਣ ਤੋਂ ਬਾਅਦ ਹੀ ਪਤਾ ਲੱਗ ਸਕਦਾ ਹੈ। ਹੇ ਨਾਨਕ। ਗੁਰਮੁਖਿ ਨੂੰ ਮਨ ਚ ਵਸਾ ਕੇ ਸਦਾ ਉਸ ਉੱਤਮ ਪੁਰਖ ਪ੍ਰਭੂ ਦਾ ਨਾਮ ਜਪਣਾ ਕਰ॥੪॥



SANJHI SOCH
ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894